


ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।



ਮੁੱਖ ਸੰਪਾਦਕ
ਸਰਬਜੋਤ ਸਿੰਘ ਸੰਧਾ

ਮੁੱਖ ਸੰਪਾਦਕ ਸਰਬਜੋਤ ਸਿੰਘ ਸੰਧਾ | www.fatehtimesmedia.com | Email- fatehtimes1699@gmail.com

ਰਜਿ ਨੰ : ਪੀ ਬੀ 22000167 | ਫਤਿਹਾਬਾਦ , ਸੋਮਵਾਰ 1 ਸਤੰਬਰ 2025, ਨਾਨਕਸ਼ਾਹੀ 17 ਭਾਦੋਂ , ਸੰਮਤ 557 | ਸਾਲ: 4, ਅੰਕ 185, ਪੰਨੇ: 6, ਮੁੱਲ: 4 ਰੁਪਏ

## ਪੰਜਾਬ ਦੇ ਮੁੱਖ ਸਕੱਤਰ ਵੱਲੋਂ ਕਥਲੌਰ ਪੁਲ ਵਿਖੇ ਪਹੁੰਚ ਕੇ ਹੜ੍ਹ ਨਾਲ ਪ੍ਰਭਾਵਿਤ ਖੇਤਰ ਦਾ ਲਿਆ ਜਾਇਜ਼ਾ




ਫਤਿਹ ਟਾਈਮਜ਼

ਪਠਾਨਕੋਟ, 31 ਅਗਸਤ (ਪਵਨ ਸ਼ਰਮਾਂ) ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਜਲ ਸਰੋਤ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਕ੍ਰਿਸ਼ਨ ਕੁਮਾਰ ਵੱਲੋਂ ਅੱਜ ਜ਼ਿਲਾ ਪਠਾਨਕੋਟ ਦੇ ਬਲਾਕ ਬਮਿਆਲ ਅਤੇ ਨਰੋਟ ਜੈਮਲ ਸਿੰਘ ਵਿਚ ਰਾਵੀ ਦਰਿਆ ਦੇ ਧੁੱਸੀ ਬੰਨ੍ਹ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਆਦਿੱਤਿਆ ਉੱਪਲ, ਐੱਸ.ਐੱਸ.ਪੀ. ਪਠਾਨਕੋਟ ਦਲਜਿੰਦਰ ਸਿੰਘ ਢਿੱਲੋ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਹਰਦੀਪ ਸਿੰਘ ਸਨ।ਮੁੱਖ ਸਕੱਤਰ ਕੇ. ਏ. ਪੀ. ਸਿਨਹਾ ਅਤੇ ਸਕੱਤਰ ਕ੍ਰਿਸ਼ਨ ਕੁਮਾਰ ਬਮਿਆਲ, ਕੋਲੀਆਂ ਵਿਖੇ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਵੱਲੋਂ ਹੜ੍ਹ ਕਾਰਨ ਟੁੱਟੇ ਧੁੱਸੀ (ਬਾਕੀ ਸਫਾ 2 ਤੇ)

## ਰਾਜਨੀਤਿਕ ਪਾਰਟੀਆਂ ਲਈ ਛਪਾਰ ਰੈਲੀਆਂ ਜਰੂਰੀ ਜਾਂ ਫਿਰ ਹੜ੍ਹ ਪੀੜ੍ਹਤਾਂ ਦੀ ਮੱਦਦ

ਫਤਿਹ ਟਾਈਮਜ਼

**ਜਿਸ ਧਰਤੀ ਦੇ ਲੋਕ ਬੁਰੀ ਤਰ੍ਹਾਂ ਹੜ੍ਹਾਂ ਦੀ ਮਾਰ ਹੇਠਾਂ ਹੋਣ ਉਸ ਧਰਤੀ 'ਤੇ ਰੈਲੀਆਂ ਸ਼ੋਭਾ ਨਹੀਂ ਦਿੰਦੀਆਂ।**

ਮੁੱਲਾਂਪੁਰ ਦਾਖਾ, 31 ਅਗਸਤ (ਦਵਿੰਦਰ ਸਿੰਘ ਲੰਮੇ) ਮਾਲਵੇ ਦੇ ਪ੍ਰਸਿੱਧ ਮੇਲੇ ਛਪਾਰ ਵਿਖੇ ਹਰ ਸਾਲ ਰਾਜਨੀਤਿਕ ਪਾਰਟੀਆਂ ਆਪਣੀਆਂ ਰੈਲੀਆਂ ਕਰਦੀਆਂ ਆ ਰਹੀਆਂ ਹਨ ਇਹਨਾਂ ਰੈਲੀਆਂ ਵਿੱਚ ਸਿਆਸੀ ਆਗੂ ਇੱਕ ਦੂਜੇ ਤੋਂ ਅੱਗੇ ਨਿੱਕਲ ਕੇ ਵਿਰੋਧੀ ਬਿਆਨਾਂ ਦੀਆਂ ਝੜੀਆਂ ਲਾ ਦਿੰਦੇ ਹਨ। ਆਮ ਆਦਮੀ ਸਿਰਫ ਇਹਨਾਂ ਦੇ ਇਕੱਠ ਦਾ ਸਿਰਫ ਹਿੱਸਾ ਹੀ ਬਣਦੇ ਹਨ। ਪਰ ਉਹਨਾਂ ਦੇ ਪੱਲੇ ਕੁੱਝ ਵੀ ਨਹੀਂ ਪੈਂਦਾ। ਸਿਆਸੀ ਪਾਰਟੀਆਂ ਛਪਾਰ ਰੈਲੀ ਲਈ ਇਕੱਠ ਜੁਟਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਗਾ ਦਿੰਦੀਆਂ ਹਨ। ਇਸ ਵਾਰੀ ਵੀ ਮੇਲਾ ਛਪਾਰ 'ਤੇ ਕਾਂਗਰਸ, ਬੀਜੇਪੀ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ 7 ਅਗਸਤ ਨੂੰ ਰੈਲੀਆਂ ਕਰਨ ਦੇ ਐਲਾਨ ਕੀਤੇ ਜਾ ਚੁੱਕੇ ਹਨ। ਕਾਂਗਰਸ ਪਾਰਟੀ ਦਾ ਇਸ ਰੈਲੀ ਦੀ ਕਾਮਯਾਬੀ ਨੂੰ ਵੱਕਾਰ ਦਾ ਸਵਾਲ ਸਮਝ ਰਹੀ ਹੈ, ਜਿਸ ਲਈ ਹੇਠਲੇ ਪੱਧਰ 'ਤੇ ਪਾਰਟੀ ਵਰਕਰਾਂ ਤੱਕ ਛਪਾਰ ਪੁੱਜਣ ਲਈ ਪਹੁੰਚ ਕੀਤੀ ਜਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਆਗੂ ਵੀ ਪੱਬਾਂ ਭਾਰ ਹੋ ਕੇ ਲੋਕਾਂ ਨੂੰ ਲਾਮਬੰਦ ਕਰ ਰਹੇ ਹਨ। ਇਸ ਵਾਰੀ ਬੀਜੇਪੀ ਪਹਿਲੀ ਵਾਰ ਛਪਾਰ ਵਿਖੇ ਸਿਆਸੀ ਰੈਲੀ ਕਰਨ ਜਾ ਰਹੀ ਹੈ, ਉਸਨੇ ਹੋਰਨਾਂ ਸਿਆਸੀ ਪਾਰਟੀਆਂ ਨਾਲੋਂ ਪਹਿਲਕਦਮੀ ਕਰਦਿਆਂ ਸੱਭ ਤੋਂ ਪਹਿਲਾਂ ਐਲਾਨ ਕੀਤਾ ਹੋਇਆ ਹੈ। ਇਹਨਾਂ ਰੈਲੀਆਂ 'ਤੇ ਸਿਆਸੀ ਪਾਰਟੀਆਂ ਲੱਖਾਂ ਰੁਪਏ ਖਰਚ ਕਰ ਦਿੰਦੀਆਂ ਹਨ। ਇਸ ਵਾਰੀ ਇਹ ਰੈਲੀਆਂ ਪੰਜਾਬ ਦੇ ਲੋਕਾਂ ਦੇ ਰੋਹ ਦਾ ਸ਼ਿਕਾਰ ਵੀ ਹੋ ਸਕਦੀਆਂ ਹਨ। ਇਸ ਵਾਰੀ ਕੁਦਰਤ (ਬਾਕੀ ਸਫਾ 2 ਤੇ)

## ਪੰਜਾਬ ਸਿਆਂ ਤੇਰੇ ਨਾਲ ਤੇਰੇ ਆਪਣੇ ਹੀ ਖੜੇ ਨੇ।

**ਸਰਬਜੋਤ ਸਿੰਘ ਸੰਧਾ**

ਫਤਿਹ ਟਾਈਮਜ਼

ਪੰਜਾਬ ਦੇ ਮਾਝਾ ਮਾਲਵਾ ਅਤੇ ਦੁਆਬਾ ਦੇ ਮੰਡ ਖੇਤਰ ਅਤੇ ਦਰਿਆਵਾਂ ਨੇੜਲੇ ਇਲਾਕੇ ਇਸ ਸਮੇ ਹੜ੍ਹਾਂ ਦੇ ਸੰਕਟ ਨਾਲ ਜੂਝ ਰਹੇ ਹਨ ਅਜਿਹੇ ਸਮੇ ਵਿਚ ਜਿਥੇ ਸਰਕਾਰਾਂ ਦੇ ਹੱਥ ਖੜੇ ਹੋ ਜਾਂਦੇ ਹਨ ਤਾ ਆਪਣੇ ਭਰਾਵਾਂ ਦਾ ਮੁਸੀਬਤ ਦੀ ਘੜੀ ਚ ਸਾਥ ਦੇਣ ਲਈ ਪੰਜਾਬੀ ਹੀ ਆਣ ਖੜੇ ਹਨ ਕਿਧਰੇ ਕਾਰ ਸੇਵਾ ਵਾਲੇ ਮਹਾਪੁਰਸ਼ ਬਾਬਾ ਸੁੱਖਾ ਸਿੰਘ ਜੀ ਸਰਹਾਲੀ ਵਾਲੇ ਸੰਗਤਾਂ ਨਾਲ ਬੰਨਾ ਤੇ ਡਟੇ ਹੋਏ ਹਨ ਅਤੇ ਕਿਧਰੇ ਪੰਜਾਬ ਦੇ ਵੱਖ ਵੱਖ ਜਿਲ੍ਹਾ ਚੋਂ ਹੜ ਪ੍ਰਭਾਵਿਤ ਲੋਕਾਂ ਲਈ ਪਾਣੀ,ਰਾਸ਼ਣ ਕਪੜੇ ਅਤੇ ਹੋਰ ਵਰਤੋਂ ਦਾ ਸਮਾਨ ਲੋਕ ਆਪ ਮੁਹਾਰੇ ਟਰਾਲੀਆਂ ਭਰ ਕੇ ਲਿਆ ਰਹੇ ਹਨ।ਇਹ ਸਿੱਖ ਕੌਮ ਤਾ ਹੋਰਨਾਂ ਸੂਬਿਆਂ ਵਿਚ ਜਾ ਕੇ ਲੋਕਾਂ ਦੀ ਮਦਦ ਕਰਦੀ ਹੈ ਜਦ ਆਪਣਿਆਂ ਤੇ ਭੀੜ ਪੈ ਜਾਦੀ ਹੈ ਤਾ ਇਹ ਆਪਣਿਆਂ ਨਾਲ ਲੱਤ ਗੱਡ ਕੇ ਖਲੋ ਜਾਂਦੇ ਹਨ। ਪੰਜਾਬ ਸਿਆਂ ਤੇਰਾ ਨਾਲ ਅੱਜ ਫਿਰ ਤੇਰੇ ਆਪਣੇ ਹੀ ਖੜੇ ਨੇ ਹੋਰ ਕੋਈ ਨਹੀ। ਇਸ ਕੌਮ ਨੂੰ ਅਕਾਲ ਪੁਰਖ ਦਾ ਥਾਪੜਾ ਹੈ ਇਸ ਲਈ ਇਹ ਕੌਮ ਇਹਨਾ ਮਾਰਾਂ ਵਿਚੋਂ ਵੀ ਤਕੜੇ ਹੋ ਕੇ ਬਾਹਰ ਨਿਕਲਦੀ ਹੈ।

LIC ਬੀਮਾ ਸੇਵਾ ਕੇਂਦਰ
भारतीय जीवन बीमा निगम
LIFE INSURANCE CORPORATION OF INDIA

ਬੱਚਿਆਂ ਲਈ ਐਜੂਕੇਸ਼ਨ ਬੀਮਾ ਪੌਲਸੀ,
ਲੜਕੀਆਂ ਲਈ ਕੰਨਿਆਦਾਨ ਪੌਲਸੀ,
ਬੁਢਾਪਾ ਪੈਨਸ਼ਨ ਸਕੀਮ,ਮਨੀ ਬੈਕ ਪੌਲਸੀ,
ਰੋਜ਼ਾਨਾ ਬਚਤ ਪੌਲਸੀ,ਕਰੋੜਪਤੀ ਸਕੀਮ।

ਡੈੱਥ ਕਲੇਮ,ਮਚਿਉਰਟੀ ਜਾ ਫਿਰ ਹੋਰ
ਐਲ ਆਈ ਸੀ ਸੇਵਾ ਲਈ ਸੰਪਰਕ ਕਰੋ:
ਐਸ ਐਸ ਸੰਧਾ ਮੋ:9988537575

ਅਖ਼ਬਾਰਾਂ ਵਿਚ ਨਾਮ ਬਦਲੀ,ਬੇਦਖਲੀ ਨੋਟਿਸ,ਟਿਊਬਵੈਲ ਕੁਨੈਕਸ਼ਨ ਅਤੇ ਹੋਰ ਇਸ਼ਤਿਹਾਰ ਦੇਣ ਵੀ ਲਈ ਸੰਪਰਕ ਕਰੋ।

## ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦਾ ਸ਼ਹੀਦੀ ਦਿਹਾੜਾ ਪੰਥਕ ਜਜ਼ਬੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿੱਖੇ ਮਨਾਇਆ ਗਿਆ

ਫਤਿਹ ਟਾਈਮਜ਼



ਅੰਮ੍ਰਿਤਸਰ, 31 ਅਗਸਤ (ਫ.ਟ.ਬ) ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਐਲਾਨੇ ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦਾ 30ਵਾਂ ਸ਼ਹੀਦੀ ਦਹਾੜਾ ਖਾਲਸਾਈ ਜਾਹੋ ਜਲਾਲ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿੱਖੇ ਸ੍ਰੋਮਣੀ ਕਮੇਟੀ ਅਤੇ ਪੰਥਕ ਜਥੇਬੰਦੀਆਂ ਵਲੋ ਸਾਂਝੇ ਰੂਪ 'ਚ ਮਨਾਇਆ ਗਿਆ। ਭਾਈ ਦਿਲਾਵਰ ਸਿੰਘ ਬੱਬਰ ਨੇ ਆਪਣੇ ਸ਼ਰੀਰ ਨੂੰ ਮੱਨੁਖੀ ਬੰਬ ਬਣਾਕੇ ਮੁੱਖ ਮੰਤਰੀ ਬੇਅੰਤ ਸਿੰਘ ਨੂੰ 1995 ਵਿੱਚ ਚੰਡੀਗੜ੍ਹ ਸਕੱਤਰੇਤ ਵਿੱਚ ਮਾਰ ਦਿੱਤਾ ਸੀ। ਸ੍ਰੀ ਅੰਖਡ ਪਾਠ ਦੇ ਭੋਗ ਉਪਰੰਤ ਰਾਗੀ ਸਿੰਘਾਂ ਨੇ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁਖ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਅਤੇ ਮੈਨੇਜਰ ਸ੍ਰੀ ਦਰਬਾਰ ਸਾਹਿਬ ਨਰਿੰਦਰ ਸਿੰਘ ਨੇ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦੇ ਪਰਿਵਾਰ ਤੋਂ ਬੇਟੀ ਹਰਲੀਨ ਕੌਰ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।ਪਹਿਲੀਵਾਰ ਬੇਅੰਤ ਸਿੰਘ ਕਤਲ ਕੇਸ ਦੇ ਸਾਰੇ ਯੋਧੇ ਬੰਦੀ ਸਿੰਘਾਂ ਲਈ ਸਿਰੋਪਾਓ ਸ਼੍ਰੀ ਅਕਾਲ ਤੱਖਤ ਸਾਹਿਬ ਵਲੋ ਭੇਟ ਕੀਤੇ ਗਏ। ਭਾਈ ਵਧਾਵਾ ਸਿੰਘ ਬੱਬਰ ਦਾ ਸਨਮਾਨ ਭਾਈ ਭੁਪਿੰਦਰ ਸਿੰਘ ਭਲਵਾਨ ਅਤੇ ਜਥੇਦਾਰ ਹਵਾਰਾ ਦਾ ਸਨਮਾਨ ਬਾਪੂ ਗੁਰਚਰਨ ਸਿੰਘ ਨੂੰ ਦਿੱਤਾ ਗਿਆ। ਸਮਾਗਮ ਦੌਰਾਨ ਭਾਈ ਵਧਾਵਾ ਸਿੰਘ ਬੱਬਰ ਦਾ ਸੰਦੇਸ਼ ਮਹਾਂਬੀਰ ਸਿੰਘ ਸੁਲਤਾਨਵਿੰਡ ਨੇ ਸੰਗਤਾਂ ਨੂੰ ਸੁਣਾਇਆ। ਬਾਪੂ ਗੁਰਚਰਨ ਸਿੰਘ ਨੇ ਜਥੇਦਾਰ ਜਗਤਾਰ ਸਿੰਘ ਹਵਾਰਾ ਦਾ ਸੰਦੇਸ਼ ਪੜ੍ਹ ਕੇ ਸੁਣਾਇਆ।ਸਮਾਗਮ ਵਿੱਚ ਅੰਖਡ ਕੀਰਤਨੀ ਜਥੇ ਤੋਂ ਇਲਾਵਾ,ਜਥੇਦਾਰ ਹਵਾਰਾ ਕਮੇਟੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਦਮਦਮੀ ਟਕਸਾਲ,ਭਿੰਡਰਾਵਾਲਾ ਸਿੱਖ ਯੂਥ ਫੈਡਰੇਸ਼ਨ, (ਬਾਕੀ ਸਫਾ 2 ਤੇ)

ਮੋ: 87259-13761

ਸੰਧੂ ਡੇਅਰੀ



ਪ੍ਰੋਪ : ਰਜਿੰਦਰ ਸਿੰਘ ਸੰਧੂ

ਗੋਲ ਮਸੀਤ ਚੌਂਕ ਫਤਿਹਾਬਾਦ

ਨੋਟ: ਇਥੋ ਸ਼ੁੱਧ ਅਤੇ ਤਾਜਾ ਦੁੱਧ, ਦਹੀ,ਪਨੀਰ,ਮੱਖਣ,ਘਿਓ ਆਦਿ ਤਿਆਰ ਮਿਲਦਾ ਹੈ। ਵਿਆਹ ਸ਼ਾਦੀਆਂ ਅਤੇ ਹੋਰ ਪ੍ਰੋਗਰਾਮਾਂ ਲਈ ਆਰਡਰ ਬੁੱਕ ਕੀਤੇ ਜਾਂਦੇ ਹਨ।

## ਸਰਹੱਦੀ ਖੇਤਰ ਵਿਕਾਸ ਪ੍ਰੋਗਰਾਮ ਤਹਿਤ ਹੜ੍ਹਾਂ ਦੀ ਰੋਕਥਾਮ ਲਈ ਵੱਖਰੇ ਫੰਡ ਜਾਰੀ ਹੋਣ- ਬ੍ਰਹਮਪੁਰਾ

ਫਤਿਹ ਟਾਈਮਜ਼

**'ਆਪ' ਸਰਕਾਰ 'ਤੇ ਵਰ੍ਹਦਿਆਂ ਕਿਹਾ, ਹੜ੍ਹ ਪੀੜਤਾਂ ਨੂੰ ਬੇਸਹਾਰਾ ਛੱਡਣਾ ਸਭ ਤੋਂ ਵੱਡਾ ਪਾਪ - ਬ੍ਰਹਮਪੁਰਾ**



ਤਰਨ ਤਾਰਨ 31 ਅਗਸਤ (ਐਸ ਐਸ ਸੰਧਾ) ਸ਼੍ਰੋਮਣੀ ਅਕਾਲੀ ਦਲ ਦੇ ਮੁੜ ਮੀਤ ਪ੍ਰਧਾਨ ਬਣਨ ਦਾ ਸ਼ੁਕਰਾਨਾ ਕਰਨ ਅਤੇ ਹੜ੍ਹ ਪੀੜਤਾਂ ਲਈ ਅਰਦਾਸ ਕਰਨ ਵਾਸਤੇ, ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਪਿੰਡ ਸ਼ਹਿਬਾਜ਼ਪੁਰ ਸਥਿਤ ਬਾਬਾ ਸੁਰਜਨ ਸਾਹਿਬ ਜੀ ਦੇ ਅਸਥਾਨ 'ਤੇ ਨਤਮਸਤਕ ਹੋਏ। ਇਸ ਮੌਕੇ ਵੱਡੀ ਗਿਣਤੀ ਵਿੱਚ ਹਾਜ਼ਰ ਪਾਰਟੀ ਅਹੁਦੇਦਾਰਾਂ ਅਤੇ ਇਲਾਕਾ ਨਿਵਾਸੀਆਂ ਦੇ ਇਕੱਠ ਦਾ ਧੰਨਵਾਦ ਕਰਦਿਆਂ ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਪਾਰਟੀ ਵੱਲੋਂ ਮਿਲੀ ਇਹ ਵੱਡੀ ਜ਼ਿੰਮੇਵਾਰੀ ਉਨ੍ਹਾਂ ਨੂੰ ਹਲਕੇ ਦੇ ਲੋਕਾਂ, ਖ਼ਾਸ ਕਰਕੇ ਹੜ੍ਹਾਂ ਦੀ ਮਾਰ ਝੱਲ ਰਹੇ ਪੀੜਤ ਪਰਿਵਾਰਾਂ ਦੀ ਆਵਾਜ਼ ਹੋਰ ਵੀ ਬੁਲੰਦੀ ਨਾਲ ਚੁੱਕਣ ਲਈ ਪ੍ਰੇਰਿਤ ਕਰਦੀ ਹੈ।ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਉਨ੍ਹਾਂ ਦਾ ਪਹਿਲਾ ਫਰਜ਼ ਆਪਣੇ ਲੋਕਾਂ ਦੇ ਹੱਕਾਂ ਲਈ ਲੜਨਾ ਹੈ। ਉਨ੍ਹਾਂ ਨੇ ਕੇਂਦਰ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ, ਖ਼ਾਸ ਤੌਰ 'ਤੇ ਸਰਹੱਦੀ ਖੇਤਰ ਖਡੂਰ ਸਾਹਿਬ ਲਈ ਇੱਕ ਵਿਸ਼ੇਸ਼ ਆਰਥਿਕ ਪੈਕੇਜ ਦਾ ਤੁਰੰਤ ਐਲਾਨ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਇਹ ਮਦਦ ਸੂਬਾ ਸਰਕਾਰ ਦੀ ਸੁਸਤ ਕਾਰਗੁਜ਼ਾਰੀ ਨੂੰ ਦੇਖਦਿਆਂ, ਸਿੱਧਾ ਲਾਭ ਤਬਾਦਲਾ (ਡੀ.ਬੀ.ਟੀ) ਰਾਹੀਂ ਸਿੱਧੀ ਕਿਸਾਨਾਂ ਦੇ ਖਾਤਿਆਂ ਵਿੱਚ ਪਾਈ ਜਾਵੇ ਅਤੇ ਸਰਹੱਦੀ ਖੇਤਰ ਵਿਕਾਸ ਪ੍ਰੋਗਰਾਮ (ਬੀ.ਏ.ਡੀ.ਪੀ) ਤਹਿਤ ਹੜ੍ਹਾਂ ਦੀ ਰੋਕਥਾਮ ਲਈ ਵੱਖਰੇ ਫੰਡ ਜਾਰੀ ਕੀਤੇ ਜਾਣ।'ਆਪ' ਸਰਕਾਰ ਦੀ ਸਖ਼ਤ ਅਲੋਚਨਾ ਕਰਦਿਆਂ ਸ੍ਰ. ਬ੍ਰਹਮਪੁਰਾ ਨੇ ਕਿਹਾ ਕਿ ਜਦੋਂ ਲੋਕ ਹੜ੍ਹਾਂ ਵਿੱਚ ਡੁੱਬ ਰਹੇ ਸਨ, ਉਦੋਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੇ ਮੰਤਰੀ ਗਾਇਬ ਸਨ। ਉਨ੍ਹਾਂ ਕਿਹਾ, "ਇਸ ਸੰਕਟ ਦੀ ਘੜੀ ਵਿੱਚ ਲੋਕਾਂ ਦੀ ਸਾਰ ਨਾ ਲੈਣਾ ਅਤੇ ਉਨ੍ਹਾਂ ਨੂੰ ਉਨ੍ਹਾਂ ਦੇ ਹਾਲ 'ਤੇ ਛੱਡ ਦੇਣਾ ਕਿਸੇ ਵੀ ਸਰਕਾਰ ਲਈ ਸਭ ਤੋਂ ਵੱਡਾ ਪਾਪ ਹੈ। 'ਆਪ' ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਹੈ ਅਤੇ ਉਨ੍ਹਾਂ (ਬਾਕੀ ਸਫਾ 2 ਤੇ)

ਸਫਾ 1 ਦੀ ਬਾਕੀ

## ਪੰਜਾਬ ਦੇ ਮੁੱਖ ਸਕੱਤਰ ਵੱਲੋਂ ਕਥਲੌਰ ਪੁਲ ਵਿਖੇ ਪਹੁੰਚ ਕੇ ਹੜ੍ਹ ਨਾਲ ਪ੍ਰਭਾਵਿਤ.....

ਬੰਨ੍ਹ ਨੂੰ ਪੂਰੇ ਜਾਣ ਦੇ ਕੰਮ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਕਿਹਾ ਕਿ ਰਾਵੀ ਦਰਿਆ ਵਿਚ ਬਹੁਤ ਜਿਆਦਾ ਪਾਣੀ ਆਉਣ ਕਾਰਨ ਧੁੱਸੀ ਬੰਨ੍ਹ ਨੂੰ ਨੁਕਸਾਨ ਪਹੁੰਚਿਆ ਹੈ, ਜਿਸ ਕਾਰਨ ਰਾਵੀ ਨਾਲ ਲੱਗਦੇ ਜ਼ਿਲਾ ਪਠਾਨਕੋਟ ਦੇ ਬਹੁਤ ਸਾਰੇ ਪਿੰਡ ਹੜ੍ਹ ਦੀ ਲਪੇਟ ਵਿਚ ਆਏ ਹਨ। ਉਨ੍ਹਾਂ ਕਿਹਾ ਕਿ ਹੁਣ ਦਰਿਆ ਵਿਚ ਪਾਣੀ ਦਾ ਪੱਧਰ ਘਟਿਆ ਹੈ, ਜਿਸ ਕਾਰਨ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਵੀ ਪਾਣੀ ਘਟ ਰਿਹਾ ਹੈ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕਾਰਜਾਂ ਨੂੰ ਹੋਰ ਤੇਜ਼ ਕਰਨ ਤਾਂ ਜੋ ਲੋਕਾਂ ਨੂੰ ਵੱਧ ਤੋਂ ਵੱਧ ਰਾਹਤ ਦਿੱਤੀ ਜਾ ਸਕੇ। ਉਨ੍ਹਾਂ ਨੇ ਐਨ. ਡੀ. ਆਰ. ਐਫ, ਸਿਹਤ ਵਿਭਾਗ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਰਾਹਤ ਕੰਮਾਂ ਦਾ ਜਾਇਜ਼ਾ ਲਿਆ।

ਸਫਾ 1 ਦੀ ਬਾਕੀ

## ਰਾਜਨੀਤਿਕ ਪਾਰਟੀਆਂ ਲਈ ਛਪਾਰ ਰੈਲੀਆਂ ਜਰੂਰੀ ਜਾਂ..

ਪੰਜਾਬ ਤੇ ਮਿਹਰਬਾਨ ਨਹੀਂ ਹੈ। ਲੋਕ ਬੁਰੀ ਤਰ੍ਹਾਂ ਹੜ੍ਹਾਂ ਦੀ ਮਾਰ ਹੇਠਾਂ ਦੱਬ ਗਏ ਹਨ । 900 ਦੇ ਕਰੀਬ ਪਿੰਡਾਂ ਦੀ ਮੱਦਦ ਲਈ ਸਮੁੱਚਾ ਪੰਜਾਬ ਅੱਗੇ ਆ ਚੁੱਕਾ ਹੈ। ਰੋਜਾਨਾ ਹੀ ਗੁਰੂ ਘਰਾਂ ਤੋਂ ਸਪੀਕਰਾਂ ਰਾਹੀਂ ਅਤੇ ਸੋਸ਼ਲ ਮੀਡੀਆ ਰਾਹੀਂ ਪੀੜ੍ਹਤ ਇਲਾਕਿਆਂ ਲਈ ਰਸਦਾਂ, ਲੰਗਰਾਂ ਅਤੇ ਪਸ਼ੂਆਂ ਦੇ ਚਾਰੇ ਦੀਆਂ ਬੇਨਤੀਆਂ ਕੀਤੀਆਂ ਜਾ ਰਹੀਆਂ ਹਨ। ਜਦੋਂ ਅਜਿਹੇ ਹਾਲਾਤ ਬਣ ਜਾਣ ਜਦੋਂ ਪਸ਼ੂ ਪਾਣੀ ਵਿੱਚ ਰੁੜ੍ਹੇ ਜਾ ਰਹੇ ਹੋਣ, ਕਿਸਾਨਾਂ ਦੇ ਘਰਾਂ ਅੰਦਰ ਰੋਸ਼ਨੀ ਦੇ ਦੀਵੇ ਬਾਲਣ ਵਾਲੀ ਝੋਨੇ ਦੀ ਫਸਲ ਦੇ ਲੱਖਾਂ ਏਕੜ ਬਰਬਾਦ ਹੋ ਚੁੱਕੇ ਹੋਣ ਹੜ੍ਹਾਂ ਦੀ ਤਬਾਹੀ ਦੇ ਪਾਣੀ ਵਿੱਚ ਫਸੇ ਲੋਕ ਬਾਹਾਂ ਉਲਾਰਕੇ ਆਪਣਿਆਂ ਤੋਂ ਕਿਸੇ ਸਹਾਇਤਾ ਦੀ ਉਡੀਕ ਵਿੱਚ ਹੋਣ ਅਤੇ ਪੰਜ ਦਰਿਆਵਾਂ ਦੀ ਇਸ ਧਰਤੀ ਦੇ ਮੁਹੱਬਤਾਂ ਦੇ ਦੀਵੇ ਬਾਲਣ ਅਤੇ ਸਰਬੱਤ ਦਾ ਭਲਾ ਮੰਗਣ ਵਾਲੇ ਲੋਕ ਮੁਸੀਬਤਾਂ ਵਿੱਚ ਫਸੇ ਹੋਣ ਤਾਂ ਉਸੇ ਧਰਤੀ ’ਤੇ ਇਹ ਰਾਜਸੀ ਰੈਲੀਆਂ ਹੋਣੀਆਂ ਸ਼ੋਭਾ ਨਹੀਂ ਦਿੰਦੀਆਂ। ਛਪਾਰ ਮੇਲੇ ’ਤੇ ਸਿਰਫ ਸਿਆਸੀ ਚੌਧਰ ਜਮਾਉਣ ਲਈ ਕੀਤੀਆਂ ਜਾਣ ਵਾਲੀਆਂ ਇਹ ਰੈਲੀਆਂ ਮੁਲਤਵੀ ਕੀਤੀਆਂ ਜਾ ਸਕਦੀਆਂ ਹਨ ਅਤੇ ਇਹਨਾਂ ’ਤੇ ਖਰਚ ਹੋਣ ਵਾਲਾ ਲੱਖਾਂ ਰੁਪਈਆ ਹੜ੍ਹ ਪੀੜ੍ਹਤ ਪਰਿਵਾਰਾਂ ਦੀ ਭਲਾਈ ਵਾਸਤੇ ਐਲਾਨ ਕੀਤਾ ਜਾ ਸਕਦਾ ਹੈ।

ਸਫਾ 1 ਦੀ ਬਾਕੀ

## ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਬੱਬਰ ਦਾ ਸ਼ਹੀਦੀ ਦਿਹਾੜਾ ਪੰਥਕ ਜਜ਼ਬੇ.....

ਦਲ ਖਾਲਸਾ, ਅਕਾਲੀ ਦਲ ਵਾਰਸ ਪੰਜਾਬ, ਸੇਵਕ ਜਥਾ ਪੰਜਾਬ, ਸਤਿਕਾਰ ਕਮੇਟੀ ਆਦਿ ਨੇ ਹਿੱਸਾ ਲਿਆ। ਉਪਰੰਤ ਗੁਰਦੁਆਰਾ ਸ਼ਹੀਦ ਗੰਜ ਦੇ ਵੱਡੇ ਹਾਲ ਵਿੱਚ ਢਾਡੀ ਸਿੰਘਾਂ ਅਤੇ ਕਵੀਸ਼ਰਾਂ ਨੇ ਸ਼ਹੀਦ ਦਿਲਾਵਰ ਸਿੰਘ ਬੱਬਰ ਨੂੰ ਸ਼ਰਧਾਂਜਲੀ ਦਿੱਤੀ ਅਤੇ ਵੱਡੀ ਗਿਣਤੀ ਵਿੱਚ ਸ਼ਹੀਦ ਸਿੰਘਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਦੀ ਸੇਵਾ ਮਹਾਂਬੀਰ ਸਿੰਘ ਸੁਲਤਾਨਵਿੰਡ ਨੇ ਨਿਭਾਈ ਅਤੇ ਸੰਗਤਾਂ ਦਾ ਧੰਨਵਾਦ ਪ੍ਰੋ ਬਲਜਿੰਦਰ ਸਿੰਘ ਨੇ ਕੀਤਾ। ਇਸ ਮੌਕੇ ਤੇ ਪੰਜ ਸਿੰਘਾਂ ਚੋ ਭਾਈ ਸਤਨਾਮ ਸਿੰਘ ਖੰਡਾ, ਭਾਈ ਸਤਨਾਮ ਸਿੰਘ ਝੰਝੀਆਂ, ਹਰਦੀਪ ਸਿੰਘ ਭਰਾਤਾ ਭਾਈ ਅਨੋਖ ਸਿੰਘ ਬੱਬਰ, ਹੀਰਾ ਸਿੰਘ, ਬਾਪੂ ਤਰਸੇਮ ਸਿੰਘ, ਬੰਦੀ ਸਿੰਘ ਲਖਵਿੰਦਰ ਸਿੰਘ ਦੀ ਧਰਮ ਪਤਨੀ, ਨਿਰਮਲ ਸਿੰਘ ਨਿੱਮਾ, ਦਵਿੰਦਰ ਸਿੰਘ, ਅਰਜਨ ਸਿੰਘ ਮੋਹਾਲੀ, ਸਰਬਜੀਤ ਸਿੰਘ ਘੁਮਾਣ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਹਰਬੀਰ ਸਿੰਘ ਸੰਧੂ, ਮੈਨੇਜਰ ਜਸਪਾਲ ਸਿੰਘ ਢੱਡੇ, ਪਰਮਜੀਤ ਸਿੰਘ ਟਾਂਡਾ, ਮੈਨੇਜਰ ਗੁਰਮੀਤ ਸਿੰਘ, ਪਰਮਜੀਤ ਸਿੰਘ ਮੰਡ, ਰਣਜੀਤ ਸਿੰਘ ਟਕਸਾਲ, ਭਾਈ ਰਜਿੰਦਰ ਸਿੰਘ ਮੁਗਲਵਾਲ, ਭੁਪਿੰਦਰ ਸਿੰਘ ਛੇ ਜੂਨ, ਭਾਈ ਮੋਹਕਮ ਸਿੰਘ, ਡਾ ਸੁਖਦੇਵ ਸਿੰਘ ਬਾਬਾ, ਮਨਧੀਰ ਸਿੰਘ, ਸੁਖਦੀਪ ਸਿੰਘ ਮੀਕੇ, ਬਲਵਿੰਦਰ ਸਿੰਘ ਕਾਲਾ, ਕੋਚ ਪ੍ਰਤਾਪ ਸਿੰਘ, ਜਗਰਾਜ ਸਿੰਘ ਪੱਟੀ, ਗੁਰਦੀਪ ਸਿੰਘ, ਸੁਖਜੀਤ ਸਿੰਘ ਖੋਸਾ, ਆਦਿ ਹਾਜ਼ਰ ਸਨ।

ਸਫਾ 1 ਦੀ ਬਾਕੀ

## ਸਰਹੱਦੀ ਖੇਤਰ ਵਿਕਾਸ ਪ੍ਰੋਗਰਾਮ ਤਹਿਤ ਹੜ੍ਹਾਂ ਦੀ ਰੋਕਥਾਮ ਲਈ ਵੱਖਰੇ ਫੰਡ......

ਦੀ ਅਸੰਵੇਦਨਸ਼ੀਲਤਾ ਨੂੰ ਇਤਿਹਾਸ ਕਦੇ ਮੁਆਫ਼ ਨਹੀਂ ਕਰੇਗਾ। ਇਸ ਮੌਕੇ ਰਵਿੰਦਰ ਸਿੰਘ ਬ੍ਰਹਮਪੁਰਾ ਨਾਲ ਜ਼ਿਲਾ ਪਰਿਸ਼ਦ ਮੈਂਬਰ ਗਿਆਨ ਸਿੰਘ ਸ਼ਹਿਬਾਜ਼ਪੁਰ, ਕੋਰ ਕਮੇਟੀ ਮੈਂਬਰ ਗੁਰਸੇਵਕ ਸਿੰਘ ਸੇਖ, ਸਰਪੰਚ ਗੁਰਨਾਮ ਸਿੰਘ ਭੂਰੇ, ਐਸਸੀ ਵਿੰਗ ਦੇ ਜਿਲ੍ਹਾ ਪ੍ਰਧਾਨ ਬਖਸ਼ੀਸ਼ ਸਿੰਘ ਡਿਆਲ ਰਾਜਪੂਤਾਂ, ਗਲਾਲੀਪੁਰ ਤੋਂ ਸਾਬਕਾ ਸਰਪੰਚ ਦਿਲਬਾਗ ਸਿੰਘ ਤੇ ਸਾਬਕਾ ਸਰਪੰਚ ਸੁਖਵਿੰਦਰ ਸਿੰਘ, ਸ਼ਾਹਬਾਜ਼ਪੁਰ ਤੋਂ ਸੈਕਟਰੀ ਦਿਲਬਾਗ ਸਿੰਘ, ਮੰਮਣਕੇ ਤੋਂ ਸਾਬਕਾ ਸਰਪੰਚ ਰਣਜੀਤ ਸਿੰਘ ਰਾਣਾ, ਨੰਬਰਦਾਰ ਹਰਭਜਨ ਸਿੰਘ, ਅਨੋਕ ਸਿੰਘ, ਸੁਖਰਾਜ ਸਿੰਘ, ਗੁਰਜੰਟ ਸਿੰਘ ਤੇ ਬਲਕਾਰ ਸਿੰਘ, ਮੰਮਣਕੇ ਖੁਰਦ ਤੋਂ ਸਾਬਕਾ ਸਰਪੰਚ ਮੇਜਰ ਸਿੰਘ ਤੇ ਸਾਬਕਾ ਸਰਪੰਚ ਦੇਸਾ ਸਿੰਘ, ਡਿਆਲ ਰਾਜਪੂਤਾਂ ਤੋਂ ਸਾਬਕਾ ਸਰਪੰਚ ਰਣਜੀਤ ਸਿੰਘ ਰਾਣਾ, ਸਾਬਕਾ ਸਰਪੰਚ ਗੁਰਦੇਵ ਸਿੰਘ, ਰਣਜੀਤ ਸਿੰਘ, ਤਰਲੋਚਨ ਸਿੰਘ ਤੇ ਸੁਖਚੈਨ ਸਿੰਘ, ਕੁਹਾੜਕਾ ਤੋਂ ਸਾਬਕਾ ਸਰਪੰਚ ਸੁਰਜਨ ਸਿੰਘ, ਸਾਬਕਾ ਸਰਪੰਚ ਸਰਵਨ ਸਿੰਘ ਲਾਡੀ ਤੇ ਸਾਬਕਾ ਸਰਪੰਚ ਸੁਵਿੰਦਰ ਸਿੰਘ, ਮਾਨੋਚਾਹਲ ਖੁਰਦ ਤੋਂ ਸਾਬਕਾ ਸਰਪੰਚ ਕੁਲਵੰਤ ਸਿੰਘ, ਵਾਂ ਤੋਂ ਸਾਬਕਾ ਬਲਾਕ ਸੰਮਤੀ ਮੈਂਬਰ ਕੁਲਵਿੰਦਰ ਸਿੰਘ, ਗੁਰਭੇਜ ਸਿੰਘ, ਮੁਖਤਾਰ ਸਿੰਘ ਤੇ ਗੁਰਲਾਲ ਸਿੰਘ ਤੋਂ ਇਲਾਵਾ ਸਾਬਕਾ ਸਰਪੰਚ ਗੁਰਨਿਸ਼ਾਨਬੀਰ ਸਿੰਘ ਡਾਲੇਕੇ, ਡਾ. ਮਨਜਿੰਦਰ ਸਿੰਘ, ਅਨੋਖ ਸਿੰਘ ਅਤੇ ਨਿਸ਼ਾਨ ਸਿੰਘ ਸੋਨੀ ਕਮਾਲਪੁਰ ਆਦਿ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਹਾਜ਼ਰ ਸਨ।

ਪੱਤਰਕਾਰਾਂ ਦੀ ਲੋੜ

ਅਦਾਰਾ ਫਤਿਹ ਟਾਈਮਜ਼ ਨੂੰ ਪੰਜਾਬ ਦੇ ਵੱਖ ਵੱਖ ਸ਼ਹਿਰਾਂ ਕਸਬਿਆਂ ਤੋਂ ਪੜ੍ਹੇ ਲਿਖੇ ਰਿਪੋਰਟਰਾਂ ਦੀ ਲੋੜ ਹੈ ਚਾਹਵਾਨ ਹੇਠ ਦਿੱਤੇ ਨੰਬਰ ਤੇ ਸੰਪਰਕ ਕਰਨ ।

ਮੋ:99885-37575

# "ਜੰਗਾਂ ਮਾਵਾਂ ਦੇ ਪੁੱਤ ਖਾਣੀਆਂ ਹੁੰਦੀਆਂ ਹਨ" ਫਲਸਤੀਨ ਵਿੱਚ ਜੰਗ ਦਾ ਖਾਜਾ ਬਣ ਰਹੇ ਲੋਕਾਂ ਨੂੰ ਸਮਰਪਿਤ ਰਿਹਾ ਮਹੀਨਾਵਾਰ ਸਮਾਗਮ

ਮੁੱਲਾਂਪੁਰ ਦਾਖਾ, 31 ਅਗਸਤ (ਦਵਿੰਦਰ ਸਿੰਘ ਲੰਮੇ) "ਲੋਕ ਕਲਾ ਮੰਚ (ਰਜਿ:) ਮੰਡੀ ਮੁਲਾਂਪੁਰ ਵੱਲੋਂ ਸਥਾਨਕ ਗੁਰਸ਼ਰਨ ਕਲਾ ਭਵਨ ਵਿਖੇ ਮਹੀਨੇ ਦੇ ਅਖੀਰਲੇ ਸ਼ਨੀਵਾਰ ਨੂੰ ਕਰਵਾਇਆ ਜਾਣ ਵਾਲਾ ਨਾਟਕ ਸਮਾਗ਼ਮ ਇਸ ਵਾਰ ਫਲਸਤੀਨ ਵਿੱਚ ਜੰਗ ਦਾ ਖਾਜਾ ਬਣ ਰਹੇ ਬੇਕਸੂਰ ਲੋਕਾਂ ਅਤੇ ਸੰਨ 1947 ਵਿੱਚ ਭਾਰਤ ਦੇ ਬਟਵਾਰੇ ਵਿੱਚ ਮਰਨ ਵਾਲੇ ਬੇਕਸੂਰ ਲੋਕਾਂ ਨੂੰ ਸਮਰਪਿਤ ਕੀਤਾ ਗਿਆ। ਇਸ ਸਮਾਗਮ ਦਾ ਰਸਮੀ ਉਦਘਾਟਨ ਉੱਘੇ ਲੇਖਕ ਅਤੇ ਨੈਸ਼ਨਲ ਐਵਾਰਡੀ ਅਮਰੀਕ ਤਲਵੰਡੀ ਅਤੇ ਨਾਟਕਕਾਰ ਤ੍ਰਿਲੋਚਨ ਸਿੰਘ ਵੱਲੋਂ ਮਾਸਟਰ ਉਜਾਗਰ ਸਿੰਘ, ਹਰਕੇਸ਼ ਚੌਧਰੀ , ਪੱਤਰਕਾਰ ਸੰਤੋਖ ਗਿੱਲ ,ਲੈਕਚਰਾਰ ਇਕਬਾਲ ਪੁੜੈਣ,ਰਾਜੀਵ ਪੁਰੀ ਸਾਬਕਾ ਟੈਕਸ ਅਧਿਕਾਰੀ ਅਤੇ ਲੈਕਚਰਾਰ ਦਲਜੀਤ ਸਿੰਘ ਦੀ ਹਾਜ਼ਰੀ ਵਿੱਚ ਰੋਸ਼ਨੀ ਅਤੇ ਚੇਤੰਨਤਾ ਦਾ ਪ੍ਰਤੀਕ ਮੋਮਬੱਤੀਆਂ ਬਾਲਕੇ ਕੇ ਕੀਤਾ। ਇਸ ਮੌਕੇ ਅਮਰੀਕ ਤਲਵੰਡੀ ਨੇ ਲੋਕ ਕਲਾ ਮੰਚ ਦੇ ਸਫ਼ਰ ਬਾਰੇ ਬਹੁਤ ਹੀ ਭਾਵਪੂਰਤ ਕਵਿਤਾ ਪੇਸ਼ ਕੀਤੀ। ਕਿ ਕਿਸ ਤਰ੍ਹਾਂ ਬੇਹੱਦ



ਔਖਿਆਈਆਂ ਦੇ ਬਾਵਜੂਦ ਮੰਚ ਨੇ ਆਪਣਾ ਸਫ਼ਰ ਜਾਰੀ ਰੱਖਿਆ ਹੈ। ਕੈਲਗਰੀ ਤੋਂ ਉੱਘੇ ਵਿਦਵਾਨ ਹਰਚਰਨ ਪਰਹਾਰ ਨੇ ਸਮਾਗਮ ਦੀ ਸਫ਼ਲਤਾ ਲਈ ਆਰਥਿਕ ਸਹਾਇਤਾ ਸਹਿਯੋਗ ਦੇ ਰੂਪ ਵਿੱਚ ਭੇਜੀ। ਸਮਾਗਮ ਦੌਰਾਨ ਇੱਕ ਬੇਹੱਦ ਪਿਆਰ ਤੇ ਭਾਵਨਾਤਮਿਕ ਜ਼ਜਬਾਤਾਂ ਨਾਲ ਭਰਪੂਰ 85 ਸਾਲਾਂ ਮਾਤਾ ਕਪੂਰ ਕੌਰ ਨੇ ਗੁਰਸ਼ਰਨ ਕਲਾ ਭਵਨ ਲਈ ਹੱਥੀਂ ਸਲਾਈਆਂ ਨਾਲ ਬੁਣੇ ਉੱਨ ਦੇ ਦੋ ਬਾਗ ਭਵਨ ਦੀ ਸ਼ੋਭਾ ਵਧਾਉਣ ਲਈ ਮੰਚ ਦੇ ਪ੍ਰਧਾਨ ਸ੍ਰੀ ਹਰਕੇਸ਼ ਚੌਧਰੀ ਨੂੰ ਭੇਂਟ ਕੀਤੇ। ਮੁੱਢਲੀਆਂ ਰਸਮਾਂ ਉਪਰੰਤ "ਸੁਰਭੀ ਰੰਗ ਆਰਟ ਐਂਡ ਵੈਲਫ਼ੇਅਰ ਸੁਸਾਇਟੀ "ਲੁਧਿਆਣਾ ਵੱਲੋਂ ਜਗਦੇਵ ਸਿੰਘ ਅਤੇ ਗੁਰਮੀਤ ਸਿੰਘ ਦੀ ਨਿਰਦੇਸ਼ਨਾ ਹੇਠ ਨਾਟਕ "ਗ਼ਜ਼ਬ ਤੇਰੀ ਅਦਾ"ਖੇਡਿਆ ਗਿਆ। ਇਹ ਨਾਟਕ ਜੰਗ ਵਿਰੋਧੀ ਸੁਨੇਹਾ ਦੇਣ ਵਿੱਚ ਪੂਰੀ ਤਰ੍ਹਾਂ ਕਾਮਯਾਬ ਰਿਹਾ ਕਿ ਨਿੱਹਕੀਆਂ ਜੰਗਾਂ ਵਿੱਚ ਕਿਸ ਤਰ੍ਹਾਂ ਫਿਲਸਤੀਨੀ ਲੋਕ ਮਰ ਰਹੇ ਹਨ। ਨਾਟਕ ਵਿਚਲੇ ਪਾਤਰਾਂ ਨੇ ਜ਼ਬਰਦਸਤ ਪੇਸ਼ਕਾਰੀ ਰਾਹੀਂ ਇਹ ਸਫ਼ਲ ਸੁਨੇਹਾ ਦਿੱਤਾ ਕਿ ਇਹ ਜੰਗਾਂ ਮਾਂਵਾਂ ਦੇ ਪੁੱਤ ਖਾਣੀਆਂ ,ਭੈਣਾਂ ਦੇ ਵੀਰ ਖਾਣੀਆਂ ਅਤੇ.ਔਰਤਾਂ ਦੇ ਖਾਮੰਦ ਖਾਣੀਆਂ ਹੁੰਦੀਆਂ ਹਨ । ਇਸ ਲਈ ਇਹ ਜੰਗਾਂ ਬੰਦ ਹੋਣੀਆਂ ਚਾਹੀਦੀਆਂ ਹਨ। ਸਾਮਰਾਜ ਸੰਸਾਰ ਪੱਧਰ ਤੇ ਜੰਗਾਂ ਠੋਸਕੇ ਲੋਕਾਂ ਦੀਆਂ ਲੋਥਾਂ ਉੱਤੇ ਸਿਰਫ ਆਪਣਾ ਵਿਉਪਾਰ ਚਲਾਉਂਦਾ ਹੈ। ਦਰਸ਼ਕਾਂ ਨੇ ਸਾਹ ਰੋਕ ਕੇ ਇਸ ਨਾਟਕ ਨੂੰ ਦੇਖਿਆ ਅਤੇ ਸਮਾਪਤੀ ਉਪਰੰਤ ਖ਼ੂਬ ਤਾੜੀਆਂ ਦੀ ਗੜਗੜਾਹਟ ਵਿੱਚ ਪਾਤਰਾਂ ਨੂੰ ਉਨ੍ਹਾਂ ਦੀ ਕਲਾ ਦੀ ਦਾਦ ਦਿੱਤੀ। ਇਸ ਮੌਕੇ ਨਾਟਕ ਟੀਮ ਦਾ ਸਨਮਾਨ ਲੋਕ ਕਲਾ ਮੰਚ ਵੱਲੋਂ ਹਰਕੇਸ਼ ਚੌਧਰੀ,ਕਮਲਜੀਤ ਮੋਹੀ,ਦੀਪਕ ਰਾਏ,ਰਣਵੀਰ ਸਿੰਘ, ਭਾਗ ਸਿੰਘ ਗਿੱਲ,ਸੁਖਦੀਪ ਸਿੰਘ ਚਾਨਾ, ਅੰਜੂ ਚੌਧਰੀ,ਨੀਰਜਾ ਬਾਂਸਲ,ਸਰਨਜੀਤ ਕੌਰ , ਪ੍ਰਦੀਪ ਕੌਰ, ਨੈਨਾ ਸ਼ਰਮਾਂ, ਚੰਨਪ੍ਰੀਤ ਕੌਰ ਅਤੇ ਲਖਵੀਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਮਾਤਾ ਕਪੂਰ ਕੌਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਵਿੱਚ ਮਾਸਟਰ ਗੁਰਜੀਤ ਸਿੰਘ,ਪ੍ਰਿੰਸੀਪਲ ਅਜਮੇਰ ਸਿੰਘ ਦਾਖਾ,ਪ੍ਰੋਫੈਸਰ ਮੈਡਮ ਏਕਤਾ,ਗੁਰਦੀਪ ਕੌਰ,ਮਾਸਟਰ ਗੁਰਪ੍ਰੀਤ ਸਿੰਘ,ਰਾਜਿੰਦਰ ਕੌਰ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਸੁਲਤਾਨਪੁਰ ਲੋਧੀ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ’ਚ ਪਹੁੰਚ ਕੇ ਪੀੜਤਾਂ ਦਾ ਦੁੱਖ ਜਾਣਿਆ

ਅੰਮ੍ਰਿਤਸਰ, 31 ਅਗਸਤ (ਫ.ਟ.ਬ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅੱਜ ਸੁਲਤਾਨਪੁਰ ਲੋਧੀ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਗਏ ਜਿਥੇ ਉਨ੍ਹਾਂ ਨੇ ਪੀੜਤ ਲੋਕਾਂ ਦਾ ਦੁੱਖ ਜਾਣਿਆ ਅਤੇ ਪਿੰਡਾਂ ਵਿਚ ਪਹੁੰਚ ਕੇ ਸ਼੍ਰੋਮਣੀ ਕਮੇਟੀ ਵੱਲੋਂ ਰਾਹਤ ਸਮੱਗਰੀ ਵੰਡੀ। ਉਹ ਖੁਦ ਕਿਸ਼ਤੀ ਰਾਹੀਂ ਹੜ੍ਹ ਦੇ ਪਾਣੀ ਵਿੱਚ ਡੁੱਬੇ ਘਰਾਂ ਵਿੱਚ ਗਏ ਅਤੇ ਲੋਕਾਂ ਦੀ ਪੀੜਾਂ ਦਾ ਅਹਿਸਾਸ ਕੀਤਾ।

ਇਸ ਮੌਕੇ ਚੁਫੇਰਿਓਂ ਕਈ ਕਈ ਫੁੱਟ ਪਾਣੀ ਵਿੱਚ ਘਿਰੇ ਪਰ ਬੁਲੰਦ ਹੌਸਲਾ ਰੱਖੀ ਬੈਠੇ ਲੋਕਾਂ ਨੇ ਸਰਕਾਰਾਂ ਦੀਆਂ ਨੀਤੀਆਂ ਤੇ ਸਵਾਲ ਚੁੱਕਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਦੱਸਿਆ ਕਿ ਅਸੀਂ ਤਾਂ ਸਾਲਾਂ ਤੋਂ ਇਨ੍ਹਾਂ ਮੁਸੀਬਤਾਂ ਵਿਚੋਂ ਲੰਘ ਰਹੇ ਹਾਂ, ਪਰ ਕੋਈ ਹੱਲ ਨਹੀਂ ਨਿਕਲਿਆ। ਪੀੜਤ ਲੋਕਾਂ ਨੇ ਕਿਹਾ ਕਿ ਮੌਜੂਦਾ ਸਰਕਾਰ ਨੇ ਸਮੇਂ ਸਿਰ ਪਾਣੀ ਦੀ ਨਿਕਾਸੀ ਦੇ ਪ੍ਰਬੰਧ ਨਹੀਂ ਕੀਤੇ ਅਤੇ ਦਰਿਆਵਾਂ ਵਿਚ ਇਕਦਮ ਡੈਮਾਂ ਦਾ ਪਾਣੀ ਛੱਡ ਕੇ ਵੱਡੀ ਮੁਸੀਬਤ ਖੜ੍ਹੀ ਕੀਤੀ ਹੈ। ਪੀੜਤਾਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਦਾ ਸਾਰ ਲੈਣ ਪੁੱਜਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਵੱਡਾ ਧਰਵਾਸ ਮਿਲਿਆ ਹੈ।



**ਕਿਸ਼ਤੀ ਰਾਹੀਂ ਜਾ ਕੇ ਪਾਣੀ ਵਿੱਚ ਘਿਰੇ ਲੋਕਾਂ ਤੱਕ ਕੀਤੀ ਪਹੁੰਚਪ੍ਰਭਾਵਿਤ ਪਿੰਡਾਂ ਵਿੱਚ ਪਹੁੰਚ ਕੇ ਸ਼੍ਰੋਮਣੀ ਕਮੇਟੀ ਵੱਲੋਂ ਰਾਹਤ ਸਮੱਗਰੀ ਵੰਡੀ।**


ਹੜ੍ਹਾਂ ਵਿਚ ਘਿਰੇ ਪੀੜਤ ਲੋਕਾਂ ਨੂੰ ਮਿਲ ਕੇ ਆਉਣ ਮਗਰੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਨ੍ਹਾਂ ਲੋਕਾਂ ਦਾ ਦੁੱਖ ਵੱਡਾ ਹੈ, ਪਰ ਇਹ ਹਿੰਮਤੀ ਲੋਕ ਹਨ ਜੋ ਸੰਕਟ ਸਮੇਂ ਵੀ ਚੜ੍ਹਦੀ ਕਲਾ ਵਿੱਚ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪਿਛਲੇ ਕਈ ਦਿਨਾਂ ਤੋਂ ਲਗਾਤਾਰ ਪੀੜਤਾਂ ਦੀ ਮਦਦ ਲਈ ਆਪਣੀ ਜਿੰਮੇਵਾਰੀ ਨਿਭਾ ਰਹੀ ਹੈ ਅਤੇ ਹਲਾਤ ਠੀਕ ਹੋਣ ਤੱਕ ਰਾਹਤ ਕਾਰਜ਼ ਜਾਰੀ ਰਹਿਣਗੇ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਹੜ੍ਹਾਂ ਤੋਂ ਬਾਅਦ ਪਾਣੀ ਉਤਰਨ ਤੇ ਵੀ ਇਨ੍ਹਾਂ ਲੋਕਾਂ ਅਗੇ ਵੱਡੀਆਂ ਮੁਸ਼ਕਲਾਂ ਹਨ। ਇਸ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ ਇਕ ਕਮੇਟੀ ਬਣਾਈ ਜਾਵੇਗੀ, ਜੋ ਸਾਰੇ ਪੱਖਾਂ ਨੂੰ ਵਿਚਾਰ ਕੇ ਆਪਣੀ ਰਿਪੋਰਟ ਦੇਵੇਗੀ, ਜਿਸ ਅਨੁਸਾਰ ਸ਼੍ਰੋਮਣੀ ਕਮੇਟੀ ਆਪਣੇ ਸੀਮਤ ਸਾਧਨਾਂ ਨਾਲ ਲੋੜ ਅਨੁਸਾਰ ਪੀੜਤਾਂ ਦੀ ਮਦਦ ਕਰੇਗੀ।

ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾ ਰਹੇ ਰਾਹਤ ਕਾਰਜਾਂ ਵਿਚ ਸਹਿਯੋਗ ਕਰਨਾ ਚਾਹੁੰਦੇ ਹਨ, ਜਿਸ ਲਈ ਇਕ ਅਕਾਊਂਟ ਨੰਬਰ ਜਾਰੀ ਕੀਤਾ ਗਿਆ ਹੈ ਜਿਸ ਵਿਚ ਲੋਕ ਇਨ੍ਹਾਂ ਪੀੜਤਾਂ ਲਈ ਸਹਿਯੋਗ ਕਰ ਸਕਦੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਨ੍ਹਾਂ ਇਲਾਕਿਆਂ ਵਿਚ ਵੱਖ ਵੱਖ ਗੁਰਦੁਆਰਾ ਸਾਹਿਬਾਨ ਤੋਂ ਪਹਿਲਾਂ ਕੀਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਵੀ ਲਿਆ ਅਤੇ ਅੱਗੋਂ ਸੇਵਾਵਾਂ ਨਿਰੰਤਰ ਜਾਰੀ ਰੱਖਣ ਲਈ ਹਦਾਇਤਾਂ ਕੀਤੀਆਂ। ਇਸ ਮੌਕੇ ਐਡਵੋਕੇਟ ਧਾਮੀ ਨੇ ਸਰਕਾਰ ਦੀ ਕਾਰਜਸ਼ੈਲੀ ਤੇ ਸਵਾਲ ਚੁੱਕਦਿਆਂ ਕਿਹਾ ਕਿ ਇਨ੍ਹਾਂ ਨੇ ਆਪ ਤਾਂ ਲੋਕਾਂ ਦੀ ਸਹਾਇਤਾ ਕੀ ਕਰਨੀ ਸੀ, ਸਗੋਂ ਇਹ ਰਾਹਤ ਕਾਰਜ ਕਰ ਰਹੇ ਲੋਕਾਂ ਨੂੰ ਵੀ ਰੋਕ ਰਹੇ ਹਨ। ਉਨ੍ਹਾਂ ਕਿਹਾ ਕਿ ਬੀਤੇ ਕੱਲ੍ਹ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ ਤੇ ਸਾਥੀ ਪਾਣੀ ਵਿੱਚ ਘਿਰੇ ਲੋਕਾਂ ਲਈ ਲੰਗਰ ਲੈ ਕੇ ਜਾ ਰਹੇ ਸਨ, ਜਿਨ੍ਹਾਂ ਨੂੰ ਆਪ ਦੀ ਮਹਿਲਾ ਹਲਕਾ ਇੰਚਾਰਜ ਵੱਲੋਂ ਰੋਕਣ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਸਰਕਾਰ ਤੇ ਆਪ ਆਗੂਆਂ ਦਾ ਅਜਿਹੇ ਸਮੇਂ ਐਸਾ ਵਤੀਰਾ ਬਹੁਤ ਮੰਦਭਾਗਾ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਜਰਨੈਲ ਸਿੰਘ ਡੋਗਰਾਂਵਾਲਾ, ਸ. ਗੁਰਮੀਤ ਸਿੰਘ ਬੂਹ,ਬੀਬੀ ਗੁਰਪ੍ਰੀਤ ਕੌਰ, ਇੰਜੀ ਸਵਰਨ ਸਿੰਘ,ਬਾਬਾ ਬਲਬੀਰ ਸਿੰਘ ਸੀਚੇਵਾਲ,ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸਾਬਕਾ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਅਕਾਲੀ ਆਗੂ ਸ. ਹਰਪ੍ਰੀਤ ਸਿੰਘ ਹੀਰੋ, ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ ਦੇ ਮੈਨੇਜਰ ਅਵਤਾਰ ਸਿੰਘ,ਹੈੱਡ ਗ੍ਰੰਥੀ ਗਿਆਨੀ ਸਤਵੰਤ ਸਿੰਘ, ਭਾਈ ਹਰਜਿੰਦਰ ਸਿੰਘ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਚੈਚਲ ਸਿੰਘ, ਸਾਬਕਾ ਚੇਅਰਮੈਨ ਸ. ਸੁਰਜੀਤ ਸਿੰਘ ਢਿੱਲੋਂ, ਸ. ਕੁਲਦੀਪ ਸਿੰਘ ਬੂਲੇ ਆਦਿ ਮੌਜੂਦ ਰਹੇ।

# ਕਾਂਗਰਸੀ ਆਗੂ ਰਛਪਾਲ ਸਿੰਘ ਬੋਪਾਰਾਏ ਤਰਨਤਾਰਨ ਜ਼ਿਮਨੀ ਚੋਣ ਲਈ ਮੰਡਲ - ਕੋਆਰਡੀਨੇਟਰ ਨਿਯੁਕਤ



## ਸੌਂਪੀ ਗਈ ਜ਼ਿੰਮੇਵਾਰੀ ਨਿਭਾਉਣ ਲਈ ਵਚਨਬੱਧਤਾ ਨਾਲ ਯਤਨਸ਼ੀਲ ਰਹਾਂਗਾਂ : ਬੋਪਾਰਾਏ

ਤਰਨ ਤਾਰਨ, 31 ਅਗਸਤ (ਐਸ ਐਸ ਸੰਧਾ) ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਇੰਚਾਰਜ ਕੈਪਟਨ ਸੰਦੀਪ ਸਿੰਘ ਸੰਧੂ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ ਤਹਿਤ ਵਿਧਾਨ ਸਭਾ ਹਲਕਾ ਤਰਨ ਤਾਰਨ ਦੀ ਜ਼ਿਮਨੀ ਚੋਣ ਨੂੰ ਧਿਆਨ ਵਿੱਚ ਰੱਖਦੇ ਹੋਏ ਸਾਬਕਾ ਐਸਡੀਓ ਅਤੇ ਸੀਨੀਅਰ ਕਾਂਗਰਸੀ ਆਗੂ ਰਛਪਾਲ ਸਿੰਘ ਬੋਪਾਰਾਏ ਨੂੰ ਮੰਡਲ - ਕੋਆਰਡੀਨੇਟਰ ਨਿਯੁਕਤ ਕੀਤਾ ਹੈ। ਸਾਬਕਾ ਵਿਧਾਇਕ ਸ੍ਰ ਹਰਮਿੰਦਰ ਸਿੰਘ ਗਿੱਲ ਅਤੇ ਜਸਕਰਨ ਸਿੰਘ ਕਾਹਲੋ ਦੇ ਨਜ਼ਦੀਕੀ ਸਾਥੀ ਰਛਪਾਲ ਸਿੰਘ ਬੋਪਾਰਾਏ ਨੇ ਆਪਣੀ ਨਿਯੁਕਤੀ ਤੇ ਕਾਂਗਰਸ ਹਾਈਕਮਾਂਡ ਅਤੇ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਅਤੇ ਜਸਕਰਨ ਸਿੰਘ ਕਾਹਲੋ ਦਾ ਧੰਨਵਾਦ ਕਰਦਿਆਂ ਹੋਇਆਂ ਕਿਹਾ ਕਿ ਉਹ ਕਾਂਗਰਸ ਪਾਰਟੀ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਬਾਖੂਬੀ ਅਤੇ ਤਨਦੇਹੀ ਨਾਲ ਨਿਭਾਉਣ ਲਈ ਵਚਨਬੱਧਤਾ ਨਾਲ ਯਤਨਸ਼ੀਲ ਰਹਿਣਗੇ। ਉਨ੍ਹਾਂ ਕਿਹਾ ਕਿ ਤਰਨਤਾਰਨ ਦੀ ਜ਼ਿਮਨੀ ਚੋਣ ਵਿੱਚ ਜਿੱਤ ਪ੍ਰਾਪਤ ਕਰਨ ਲਈ ਕਾਂਗਰਸ ਦੀ ਸਮੁੱਚੀ ਲੀਡਰਸ਼ਿਪ ਅਤੇ ਕਾਂਗਰਸੀ ਆਗੂ ਤੇ ਵਰਕਰ ਅਹਿਮ ਭੂਮਿਕਾ ਨਿਭਾਉਣਗੇ। ਸੀਨੀਅਰ ਕਾਂਗਰਸੀ ਆਗੂ ਬੋਪਾਰਾਏ ਨੇ ਕਿਹਾ ਕਿ ਕਾਂਗਰਸ ਪਾਰਟੀ ਪੰਜਾਬ ਦੇ ਲੋਕਾਂ ਦੇ ਜਜ਼ਬਾਤਾਂ ਦੀ ਤਰਜਮਾਨੀ ਕਰਨ ਵਾਲੀ ਪਾਰਟੀ ਹੈ । ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਪੰਜਾਬ ਦੇ ਹੜ ਪੀੜਤਾਂ ਨੂੰ ਰਾਹਤ ਦੇਣ ਲਈ ਵਿਸ਼ੇਸ਼ ਪੈਕੇਜ ਦਾ ਤਰੁੰਤ ਐਲਾਨ ਕਰਨਾ ਚਾਹੀਦਾ ਹੈ।

# ਫਤਿਹਾਬਾਦ ਵਿਖੇ ਚੋਰਾ ਦਾ ਕਹਿਰ ਜਾਰੀ ਵਿਦੇਸ਼ ਗਏ ਪਰਿਵਾਰ ਦੇ ਘਰ ਹੋਈ ਚੋਰੀ



ਫਤਿਹਾਬਾਦ,31 ਅਗਸਤ (ਐਸ ਐਸ ਸੰਧਾ) ਕਸਬਾ ਫਤਿਹਾਬਾਦ ਵਿਖੇ ਚੋਰਾਂ ਨੇ ਲੋਕਾਂ ਦਾ ਜਿਉਣਾ ਦੁਭਰ ਕੀਤਾ ਹੋਇਆ ਹੈ। ਵਿਦੇਸ਼ ਗਏ ਹੋਏ ਪਰਿਵਾਰ ਦੇ ਘਰ ਚੋਰੀ ਹੋਣ ਦਾ ਸਮਾਚਾਰ ਪ੍ਰਾਪਤ ਹੈ ਜਿਕਰਯੋਗ ਹੈ ਕਿ ਸੁਖਵਿੰਦਰ ਸਿੰਘ ਲਾਲੀ ਜੋ ਕਿ ਆਪਣੀ ਪਤਨੀ ਨਾਲ ਵਿਦੇਸ਼ ਆਪਣੇ ਧੀ ਜਵਾਈ ਕੋਲ ਗਏਏ ਹੋਏ ਸਨ ਦੇ ਘਰ ਕੁਝ ਦਿਨ ਪਹਿਲਾਂ ਚੋਰੀ ਹੋਈ। ਜਿਸ ਸਬੰਧੀ ਉਹਨਾਂ ਪੱਤਰਕਾਰਾਂ ਨਾਲ ਫੋਨ ਤੇ ਗੱਲਬਾਤ ਕਰਦਿਆ ਕਿਹਾ ਕਿ ਉਹਨੇ ਦੇ ਘਰ ਸੀਸੀਟੀਵੀ ਕੈਮਰੇ ਲੱਗੇ ਹੋਏ ਸਨ ਜੋ ਕਿ ਚੋਰੀ ਵਾਲੀ ਰਾਤ ਜਦ ਬੰਦ ਹੋਏ ਤਾ ਉਨ੍ਹਾਂ ਨੂੰ ਪਤਾ ਲੱਗਾ ਕੇ ਘਰ ਚ ਕੋਈ ਘਟਨਾ ਹੋਈ ਹੈ ਜਿਸ ਤੇ ਉਨ੍ਹਾਂ ਦੇ ਫਤਿਹਾਬਾਦ ਸਥਿਤ ਰਿਸ਼ਤੇਦਾਰ ਅਤੇ ਗਵਾਂਢੀਆ ਨੇ ਜਦ ਘਰ ਚ ਜਾ ਕੇ ਦੇਖਿਆ ਤਾ ਚੋਰਾ ਵਲੋਂ ਅਲਮਾਰੀਆਂ ਤੇ ਬੈਡ ਵਿਚੋ ਕੱਪੜੇ ਖਿਲਾਰੇ ਹੋਏ ਸਨ ਇਹ ਸਾਰੀ ਘਟਨਾ ਉਨ੍ਹਾਂ ਦੇ ਸੀਸੀਟੀਵੀ ਕੈਮਰੇ ਵਿਚ ਕੈਦ ਹੋਈ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਚੌਕੀ ਫਤਿਹਾਬਾਦ ਵਿਖੇ ਉਨ੍ਹਾਂ ਦੇ ਰਿਸ਼ਤੇਦਾਰ ਵਲੋਂ ਇਸ ਸਬੰਧੀ ਦਰਖਾਸਤ ਦਿੱਤੀ ਗਈ ਹੈ। ਉਨ੍ਹਾਂ ਪੁਲਿਸ ਪ੍ਰਸ਼ਾਸਨ ਕੋਲ ਮੰਗ ਕੀਤੀ ਕਿ ਚੋਰਾਂ ਦੀ ਸ਼ਨਾਖਤ ਕਰਕੇ ਉਨ੍ਹਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।




# ਸ਼ਹੀਦੀ ਨਗਰ ਕੀਰਤਨ ਬਨਾਰਸ ਤੋਂ ਅਗਲੇ ਪੜਾਅ ਇਲਾਹਾਬਾਦ ਲਈ ਰਵਾਨਾ



## ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ

ਅੰਮ੍ਰਿਤਸਰ, 31 ਅਗਸਤ (ਫ.ਟ.ਬ) ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਅਸਾਮ ਤੋਂ ਆਰੰਭ ਕੀਤਾ ਗਿਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਗੁਰੂ ਬਾਗ ਬਨਾਰਸ ਉੱਤਰ ਪ੍ਰਦੇਸ਼ ਤੋਂ ਅਗਲੇ ਪੜਾਅ ਇਲਾਹਾਬਾਦ ਲਈ ਰਵਾਨਾ ਹੋਇਆ। ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਗੁਰੂ ਬਾਗ ਬਨਾਰਸ ਵਿਖੇ ਸੱਜੇ ਧਾਰਮਿਕ ਦੀਵਾਨ ਵਿਚ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੰਗਤਾਂ ਨੂੰ ਗੁਰੂ-ਜਸ ਨਾਲ ਜੋੜਿਆ। ਇਸ ਮੌਕੇ ਸਥਾਨਕ ਬੱਚਿਆਂ ਨੇ ਵੀ ਗੁਰਬਾਣੀ ਕੀਰਤਨ ਸਰਵਣ ਕਰਵਾ ਕੇ ਗੁਰੂ ਸਾਹਿਬ ਪਰਤੀ ਸ਼ਰਧਾ ਪ੍ਰਗਟਾਈ। ਇਸ ਦੌਰਾਨ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ, ਨਿਸ਼ਾਨਚੀ ਸਿੰਘਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ ਗਏ। ਸਾਰੇ ਰਸਤੇ ਵਿਚ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ। ਸੰਗਤਾਂ ਵੱਲੋਂ ਵੱਖ-ਵੱਖ ਪੜਾਵਾਂ ’ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕਰਕੇ ਸਤਿਕਾਰ ਦਿੱਤਾ। ਨਗਰ ਕੀਰਤਨ ਨਾਲ ਗੁਰੂ ਸਾਹਿਬਾਨ ਦੇ ਇਤਿਹਾਸਕ ਸ਼ਸਤਰਾਂ ਵਾਲੀ ਬੱਸ ਅਤੇ ਵੱਡਅਕਾਰੀ ਸਕਰੀਨਾਂ ’ਤੇ ਗੁਰੂ ਸਾਹਿਬ ਨਾਲ ਸੰਬੰਧਿਤ ਪਾਵਨ ਅਸਥਾਨਾਂ ਅਤੇ ਇਤਿਹਾਸ ਬਾਰੇ ਦਿਖਾਈਆਂ ਜਾ ਰਹੀਆਂ ਦਸਤਾਵੇਜ਼ੀ ਵੀਡੀਓ ਪ੍ਰਤੀ ਵੀ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਇਹ ਨਗਰ ਕੀਰਤਨ ਅੱਜ ਰਾਤ ਇਲਾਹਾਬਾਦ ਵਿਖੇ ਪੁੱਜੇਗਾ, ਜਿਥੋਂ 1 ਸਤੰਬਰ ਨੂੰ ਨਗਰ ਕੀਰਤਨ ਆਪਣੇ ਅਗਲੇ ਪੜਾਅ ਕਾਨ੍ਹਪੁਰ ਲਈ ਰਵਾਨਾ ਹੋਵੇਗਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਭਾਈ ਅਜੈਬ ਸਿੰਘ ਅਭਿਆਸੀ, ਮੀਤ ਸਕੱਤਰ ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਰਾਮ ਸਿੰਘ ਮੁੰਬਈ, ਇੰਚਾਰਜ ਸ. ਦਵਿੰਦਰ ਸਿੰਘ ਖੁਸ਼ੀਪੁਰ, ਯੂਪੀ ਸਿੱਖ ਮਿਸ਼ਨ ਹਾਪੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ, ਸ. ਕਰਨ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਭਾਈ ਬਲਦੇਵ ਸਿੰਘ ਓਗਰਾ ਸਮੇਤ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

# ਕੈਬਨਿਟ ਮੰਤਰੀ ਸ੍ਰ ਲਾਲਜੀਤ ਸਿੰਘ ਭੁੱਲਰ ਨੇ ਦਰਿਆਈ ਪਾਣੀ ਦੀ ਮਾਰ ਹੇਠ ਆਏ ਇਲਾਕਿਆਂ ਵਿੱਚ ਵਰਦੇ ਮੀਂਹ ਵਿੱਚ ਪਹੁੰਚ ਕੇ ਲੋਕਾਂ ਦਾ ਹਾਲ ਚਾਲ ਜਾਣਿਆ

## ਪ੍ਰਭਾਵਿਤ ਲੋਕਾਂ ਨੂੰ ਜ਼ਰੂਰੀ ਵਸਤੂਆਂ,ਰਾਸ਼ਨ, ਤਰਪਾਲਾਂ ਅਤੇ ਪਸ਼ੂਆਂ ਲਈ ਚਾਰਾ, ਫ਼ੀਡ ਅਤੇ ਚੋਕਰ ਆਦਿ ਦੀ ਕੀਤੀ ਵੰਡ।





ਚੋਹਲਾ ਸਾਹਿਬ/ਹਰੀਕੇ ਪੱਤਣ, 31 ਅਗਸਤ (ਸਨਦੀਪ ਸਿੱਧੂ, ਪਰਮਿੰਦਰ ਚੋਹਲਾ, ਗਗਨਦੀਪ ਸਿੰਘ) ਕੈਬਨਿਟ ਮੰਤਰੀ ਪੰਜਾਬ ਸ□ਰ. ਲਾਲਜੀਤ ਸਿੰਘ ਭੁੱਲਰ ਨੇ ਅੱਜ ਵਿਧਾਨ ਸਭਾ ਹਲਕਾ ਪੱਟੀ ਦੇ ਦਰਿਆਈ ਪਾਣੀ ਦੀ ਮਾਰ ਹੇਠ ਆਏ ਇਲਾਕਿਆਂ ਵਿੱਚ ਵਰਦੇਂ ਮੀਂਹ ਵਿੱਚ ਪਹੁੰਚ ਕੇ, ਜਿੱਥੇ ਇਨ□ਹਾਂ ਜੱਲੋਕੇ, ਪਾਰਲੇ ਜੱਲੋਕੇ ਕੋਟ ਬੁੱਢਾ, ਭਾਊਵਾਲ, ਰਾਦਲਕੇ, ਘੜੁੰਮ, ਰਸੂਲਪੁਰ, ਝੁੱਗੀਆਂ ਨੱਥਾ ਸਿੰਘ, ਸਭਰਾ ਦੀਆਂ ਬਹਿਕਾਂ, ਘੁੱਲੇਵਾਲਾ ਅਤੇ ਭੂਰਾ ਹਥਾੜ ਆਦਿ ਪਿੰਡਾਂ ਦੇ ਲੋਕਾਂ ਦਾ ਹਾਲ ਚਾਲ ਜਾਣਿਆ, ਉੱਥੇ ਪ□ਰਭਾਵਿਤ ਲੋਕਾਂ ਨੂੰ ਜ਼ਰੂਰੀ ਵਸਤੂਆਂ, ਰਾਸ਼ਨ, ਦਵਾਈਆਂ, ਤਰਪਾਲਾਂ ਅਤੇ ਪਸ਼ੂਆਂ ਲਈ ਚਾਰਾ, ਫ਼ੀਡ ਅਤੇ ਚੋਕਰ ਆਦਿ ਦੀ ਵੰਡ ਕੀਤੀ। ਇਸ ਦੌਰਾਨ ਕੈਬਨਿਟ ਮੰਤਰੀ ਪ੍ਰਭਾਵਿਤ ਲੋਕਾਂ ਤੱਕ ਪਹੁੰਚੇ, ਜਿੱਥੇ ਉਨਾਂ ਪਿੰਡਾਂ ਦੇ ਲੋਕਾਂ ਨੂੰ ਕਿਹਾ ਕਿ ਮੈਂ ਕੁਦਰਤੀ ਆਫ਼ਤ ਦੀ ਇਸ ਮੁਸ਼ਕਲ ਦੀ ਘੜੀ ਵਿੱਚ ਹਰ ਵਕਤ ਤੁਹਾਡੇ ਨਾਲ ਖੜਾ ਹਾਂ। ਉਹਨਾਂ ਕਿਹਾ ਕਿ ਇਹ ਮੇਰਾ ਹਲਕਾ ਹੀ ਨਹੀਂ, ਸਗੋਂ ਮੇਰਾ ਪਰਿਵਾਰ ਹੈ ਤੇ ਮੈਂ ਆਪਣੇ ਪਰਿਵਾਰ ਦੀ ਦੁੱਖ ਦੇ ਇਹਨਾਂ ਹਾਲਤਾਂ ਵਿੱਚ ਹਰ ਸੰਭਵ ਮੱਦਦ ਕਰਨ ਵਚਨਬੱਧ ਹਾਂ। ਉਹਨਾਂ ਕਿਹਾ ਕਿ ਦਰਿਆ ਵਿੱਚ ਪਾਣੀ ਆਉਣ ਦੇ ਪਹਿਲੇ ਦਿਨ ਤੋਂ ਹੀ ਉਹ ਇਲਾਕੇ ਦੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੇ ਹਨ।

ਇਸ ਮੌਕੇ ਉਹਨਾਂ ਸਮੂਹ ਸਮਾਜ ਸੇਵੀ ਸੰਸਥਾਵਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਜ਼ਿਲ□ਹਾ ਪ□ਰਸ਼ਾਸਨ ਨਾਲ ਬੰਨ□ਹ ਦੀ ਮਜ਼ਬੂਤੀ ਲਈ ਲਗਾਤਾਰ ਕੰਮ ਕਰ ਰਹੇ ਹਨ। ਉਹਨਾਂ ਕਿਹਾ ਕਿ ਮੁਸ਼ਕਿਲ ਦੀ ਘੜੀ ਵਿੱਚ ਸਾਨੂੰ ਬਿਨਾਂ ਕਿਸੇ ਭੇਦਭਾਵ ਦੇ ਮਿਲ ਕੇ ਕੰਮ ਕਰਨ ਅਤੇ ਇੱਕ ਦੂਜੇ ਦੀ ਮੱਦਦ ਕਰਨ ਦੀ ਲੋੜ ਹੈ।

ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਵੀ ਰਾਜ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ‘ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਤੇ ਉਹਨਾਂ ਵੱਲੋਂ ਸਮੁੱਚੇ ਪ□ਰਸ਼ਾਸਨ ਤੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਖਤ ਹਦਾਇਤਾਂ ਹਨ ਕਿ ਉਹ ਇਸ ਮੁਸ਼ਕਲ ਦੀ ਘੜੀ ਵਿੱਚ ਲੋਕਾਂ ਤੱਕ ਜ਼ਰੂਰੀ ਰਾਹਤ ਸਮੱਗਰੀ ਪਹੁੰਚਾਈ ਜਾਵੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਇਸ ਕੁਦਰਤੀ ਆਫਤ ਕਰਕੇ ਵਾਪਰੀ ਹੜ□ਹ ਵਰਗੀ ਸਥਿਤੀ ਨਾਲ ਨਜਿੱਠਣ ਲਈ ਹਰ ਉਪਰਾਲੇ ਕਰ ਰਹੀ ਹੈ, ਉਹਨਾਂ ਪਿੰਡ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਵੀ ਤਰ□ਹਾਂ ਦੀ ਮੱਦਦ ਦੀ ਲੋੜ ਹੈ ਤਾਂ ਉਹ ਬੇਝਿਜਕ ਹੋ ਕੇ ਉਹਨਾਂ ਨੂੰ ਦੱਸਣ ਤਾਂ ਜੋ ਉਹਨਾਂ ਨੂੰ ਲੋੜੀਂਦੀ ਮੱਦਦ ਪਹੁੰਚਾਈ ਜਾ ਸਕੇ। ਉਨ□ਹਾਂ ਕਿਹਾ ਕਿ ਹਲਕੇ ਦੇ ਪਾਣੀ ਦੀ ਮਾਰ ਹੇਠ ਆਏ ਖੇਤਰਾਂ ਵਿੱਚ ਉਹ ਆਪ ਰਾਸ਼ਨ ਸਮੱਗਰੀ ਲੋਕਾਂ ਤੱਕ ਲੈ ਕੇ ਪਹੁੰਚ ਰਹੇ ਹਨ ਤਾਂ ਜੋ ਕਿਸੇ ਨੂੰ ਵੀ ਇਸ ਮੁਸ਼ਕਿਲ ਦੀ ਘੜੀ ਵਿਚ ਖਾਣਖ਼ਪੀਣ ਦੀ ਵਸਤੂਆਂ ਨੂੰ ਲੈ ਕੇ ਕੋਈ ਦਿਕਤ ਪੇਸ਼ ਨਾ ਆਵੇ। ਉਨ□ਹਾਂ ਕਿਹਾ ਕਿ ਮਨੁੱਖੀ ਆਬਾਦੀ ਦੇ ਨਾਲਖ਼ਨਾਲ ਪਸ਼ੂਆਂ ਲਈ ਵੀ ਉਹ ਫੀਡ, ਚਾਰਾ ਆਦਿ ਪਹੁੰਚਾਇਆ ਜਾ ਰਿਹਾ ਹੈ ਤਾਂ ਜੋ ਬੇਜ਼ੁਬਾਨਾ ਦੀ ਵੀ ਬਿਹਤਰ ਢੰਗ ਨਾਲ ਸੰਭਾਲ ਹੋ ਸਕੇ। ਉਹਨਾਂ ਕਿਹਾ ਕਿ ਹਰੀਕੇ ਹਥਾੜ ਖੇਤਰ ਵਿੱਚ ਦਰਿਆ ਦੇ ਪਾਣੀ ਦੀ ਚਪੇਟ ਵਿੱਚ ਆਉਣ ਨਾਲ ਹਜ਼ਾਰਾਂ ਏਕੜ




Editor,Owner and Publisher Sarbjot Singh Sandha on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407

ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# ਹੜ੍ਹਾਂ ਨਾਲ ਬਰਬਾਦ ਫਸਲਾਂ ਲਈ ਜਲਦ ਤੋਂ ਜਲਦ ਮੁਆਵਜ਼ਾ ਰਾਸ਼ੀ ਜਾਰੀ ਕਰੇ ਕੇਂਦਰ ਅਤੇ ਸੂਬਾ ਸਰਕਾਰ- ਵਰੁਣ ਭਾਟੀਆ



ਫਤਿਹ ਟਾਈਮਜ਼ ਅੰਮ੍ਰਿਤਸਰ, 31 ਅਗਸਤ (ਪ ਪ) ਪੰਜਾਬ ਵਿੱਚ ਹੜ੍ਹਾਂ ਕਾਰਨ ਬਰਬਾਦ ਹੋਈਆਂ ਵਸਲਾ ਲਈ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਜਲਦ ਤੋਂ ਜਲਦ ਮੁਆਵਜ਼ਾ ਰਾਸ਼ੀ ਜਾਰੀ ਕਰਨ ਦੀ ਮੰਗ ਕੀਤੀ ਗਈ ਇਹਨਾ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਦੇ ਆਰ ਟੀ ਆਈ ਸੈੱਲ ਜ਼ਿਲ੍ਹਾ ਚੇਅਰਮੈਨ ਅਤੇ ਮੈਂਬਰ ਐੱਫ ਸੀ ਆਈ ਪੰਜਾਬ ਵਰੁਣ ਭਾਟੀਆ ਨੇ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਸਾਂਝੇ ਕੀਤੇ ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਇਲਾਕਿਆਂ ਵਿੱਚ ਹੜ੍ਹਾਂ ਨੇ ਭਾਰੀ ਤਬਾਹੀ ਮਚਾਈ ਹੈ, ਜਿਸ ਕਾਰਨ ਕਿਸਾਨਾਂ ਦੀਆਂ ਫਸਲਾਂ ਪੂਰੀ ਤਰ੍ਹਾਂ ਨਸ਼ਟ ਹੋ ਗਈਆਂ ਹਨ ਪੰਜਾਬ ਦੇ ਕਿਸਾਨ ਪਹਿਲਾਂ ਹੀ ਕਰਜ਼ੇ ਦੇ ਬੋਝ ਹੇਠ ਦੱਬੇ ਹੋਏ ਹਨ। ਹੜ੍ਹਾਂ ਨੇ ਉਨ੍ਹਾਂ ਦੀ ਕਮਰ ਤੋੜ ਦਿੱਤੀ ਹੈ। ਝੋਨੇ, ਮੱਕੀ ਅਤੇ ਹੋਰ ਰਸਲਾਂ ਪਾਣੀ ਵਿੱਚ ਡੁੱਬਣ ਕਾਰਨ ਖਰਾਬ ਹੋ ਗਈਆਂ ਹਨ। ਸਰਕਾਰ ਨੂੰ ਤੁਰੰਤ ਮੁਆਵਜ਼ਾ ਜਾਰੀ ਕਰਕੇ ਕਿਸਾਨਾਂ ਦੀ ਮਦਦ ਕਰਨੀ ਚਾਹੀਦੀ। ਉਨ੍ਹਾਂ ਨੇ ਅੱਗੇ ਕਿਹਾ, ਹੜ੍ਹਾਂ ਦੀ ਤਬਾਹੀ ਦਾ ਮੰਜਰ ਦੇਖਿਆ ਨਹੀਂ ਜਾ ਰਿਹਾ। ਕਈ ਪਿੰਡਾਂ ਵਿੱਚ ਪਾਣੀ ਖੜ੍ਹਨ ਕਾਰਨ ਕਿਸਾਨਾਂ ਦੀ ਸਾਲ ਦੀ ਮਿਹਨਤ ਬਰਬਾਦ ਹੋ ਗਈ ਕੇਂਦਰ ਅਤੇ ਸੂਬਾ ਸਰਕਾਰ ਨੂੰ ਫਸਲਾਂ ਦੇ ਨੁਕਸਾਨ ਦਾ ਜਾਇਜ਼ਾ ਲੈ ਕੇ ਜਲਦੀ ਮੁਆਵਜ਼ਾ ਦੇਣ ਦੀ ਪ੍ਰਕਿਰਿਆ ਸ਼ੁਰੂ ਕਰਨੀ ਚਾਹੀਦੀ, ਉਨ੍ਹਾਂ ਕਿਹਾ ਜੇ ਸਰਕਾਰ ਨੇ ਸਮੇਂ ਸਿਰ ਮੁਆਵਜ਼ਾ ਨਾ ਦਿੱਤਾ ਤਾਂ ਕਿਸਾਨਾਂ ਨੂੰ ਸੜਕਾਂ ਤੋਂ ਉਤਰਨ ਲਈ ਮਜਬੂਰ ਹੋਣਾ ਪਵੇਗਾ। ਉਨ੍ਹਾਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਕਿਸਾਨਾਂ ਦੀ ਇਸ ਦੁਖਦਾਈ ਸਥਿਤੀ ਨੂੰ ਸਮਝੇ ਅਤੇ ਤੁਰੰਤ ਮੁਆਵਜ਼ਾ ਪ੍ਰਦਾਨ ਕਰੇ।

# ਵਿਧਾਇਕ ਮਨਜਿੰਦਰ ਸਿੰਘ ਨੇ ਪਿੰਡ ਚੰਬਾ ਕਲਾਂ ਵਿਖੇ ਪ੍ਰਭਾਵਿਤ ਪਰਿਵਾਰਾਂ ਨੂੰ ਪ੍ਰਦਾਨ ਕੀਤੀ ਲੋੜੀਦੀ ਰਾਹਤ ਸਮੱਗਰੀ




ਫਤਿਹ ਟਾਈਮਜ਼ ਚੋਹਲਾ ਸਾਹਿਬ, 31 ਅਗਸਤ (ਸਨਦੀਪ ਸਿੰਧੂ,ਪਰਮਿੰਦਰ ਚੋਹਲਾ) ਹਲਕਾ ਵਿਧਾਇਕ ਖਡੂਰ ਸਾਹਿਬ ਸ੍ਰੀ ਮਨਜਿੰਦਰ ਸਿੰਘ ਲਾਲਪੁਰਾ ਨੇ ਅੱਜ ਪਿੰਡ ਚੰਬਾ ਕਲਾਂ ਵਿਖੇ ਹਾਲ ਹੀ ਵਿੱਚ ਦਰਿਆ ਬਿਆਸ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਦਰਿਆਈ ਪਾਣੀ ਨਾਲ ਪ੍ਰਭਾਵਿਤ ਪਰਿਵਾਰਾਂ ਨੂੰ ਰਾਹਤ ਪਹੁੰਚਾਉਣ ਲਈ ਲੋੜੀਦੀ ਰਾਹਤ ਸਮੱਗਰੀ ਪ੍ਰਦਾਨ ਕੀਤੀ। ਵਿਧਾਇਕ ਲਾਲਪੁਰਾ ਅਤੇ ਸਮੂਹ ਟੀਮ ਵੱਲੋਂ ਪੀੜਤ ਪਰਿਵਾਰਾਂ ਵਾਸਤੇ ਰਾਸ਼ਨ ਕਿੱਟਾਂ ਅਤੇ ਪਸ਼ੂਆਂ ਲਈ ਚਾਰਾ ਵੀ ਦਿੱਤਾ ਗਿਆ, ਜਿਸ ਨਾਲ ਪਿੰਡ ਵਾਸੀਆਂ ਨੂੰ ਭਾਰੀ ਰਾਹਤ ਮਿਲੀ ਹੈ। ਪੰਜਾਬ ਵਿੱਚ ਭਾਰੀ ਬਾਰਿਸ਼ ਕਾਰਨ ਹੋਏ ਹੜ੍ਹਾਂ ਨੇ ਖਡੂਰ ਸਾਹਿਬ ਹਲਕੇ ਦੇ ਕਈ ਪਿੰਡਾਂ ਨੂੰ ਪ੍ਰਭਾਵਿਤ ਕੀਤਾ ਹੈ। ਇਸ ਹਾਲਾਤ ਵਿੱਚ ਆਪ ਪਾਰਟੀ ਨੇ ਆਪਣੀ ਸਹਾਇਤਾ ਨੂੰ ਤੇਜ਼ ਕੀਤਾ ਹੈ ਅਤੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਖੁਦ ਪਿੰਡ ਵਿੱਚ ਪਹੁੰਚ ਕੇ ਪੀੜਤਾਂ ਨਾਲ ਮੀਟਿੰਗ ਕੀਤੀ। ਉਨ੍ਹਾਂ ਨੇ ਕਿਹਾ ਕਿ ਆਪ ਸਰਕਾਰ ਅਤੇ ਪਾਰਟੀ ਹਮੇਸ਼ਾ ਆਮ ਆਦਮੀ ਦੇ ਪੱਖ ਵਿੱਚ ਖੜ੍ਹੀ ਰਹਿੰਦੀ ਹੈ ਅਤੇ ਹੜ੍ਹ ਪੀੜਤਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕੀਤੀ ਜਾਵੇਗੀ। ਰਾਸ਼ਨ ਵਿੱਚ ਖੰਡ, ਚਾਹ ਪੱਤੀ, ਆਲੂ, ਤੇਲ ਅਤੇ ਹੋਰ ਜ਼ਰੂਰੀ ਵਸਤਾਂ ਸ਼ਾਮਲ ਸਨ, ਜਦਕਿ ਪਸ਼ੂਆਂ ਲਈ ਚਾਰੇ ਨੂੰ ਪਿੰਡ ਚੰਬਾ ਕਲਾਂ ਵਿੱਚ ਪਹੁੰਚਾ ਕੇ ਪਸ਼ੂ ਪਾਲਕਾਂ ਨੂੰ ਵੀ ਰਾਹਤ ਦਿੱਤੀ ਹੈ। ਵਿਧਾਇਕ ਲਾਲਪੁਰਾ ਨੇ ਕਿਹਾ, ਹੜ੍ਹ ਵਰਗੀਆਂ ਕੁਦਰਤੀ ਆਫ਼ਤਾਂ ਵਿੱਚ ਲੋਕਾਂ ਨੂੰ ਤੁਰੰਤ ਮਦਦ ਦੀ ਲੋੜ ਹੁੰਦੀ ਹੈ। ਆਪ ਪਾਰਟੀ ਨੇ ਹਮੇਸ਼ਾ ਆਪਣੇ ਵਾਅਦਿਆਂ ਅਨੁਸਾਰ ਆਮ ਆਦਮੀ ਦੀ ਸੇਵਾ ਕੀਤੀ ਹੈ ਅਤੇ ਅੱਜ ਵੀ ਅਸੀਂ ਪੀੜਤ ਪਰਿਵਾਰਾਂ ਨਾਲ ਹੀ ਖੜ੍ਹੇ ਹਾਂ। ਪੰਜਾਬ ਸਰਕਾਰ ਵੱਲੋਂ ਵੀ ਹੜ੍ਹ ਰਾਹਤ ਲਈ ਵਿਸ਼ੇਸ਼ ਪੈਕੇਜ ਐਲਾਨ ਕੀਤੇ ਜਾਣਗੇ। ਇਸ ਮੌਕੇ ਤੇ ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਅਤੇ ਆਪ ਪਾਰਟੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਅਜਿਹੀ ਸਹਾਇਤਾ ਨੇ ਉਨ੍ਹਾਂ ਨੂੰ ਮੁਸ਼ਕਲ ਸਮੇਂ ਵਿੱਚ ਹੌਸਲਾ ਦਿੱਤਾ ਹੈ। ਆਮ ਆਦਮੀ ਪਾਰਟੀ ਨੇ ਸਾਰੇ ਪੀੜਤਾਂ ਨੂੰ ਭਰੋਸਾ ਦਿਵਾਇਆ ਹੈ ਕਿ ਹੜ੍ਹਾਂ ਤੋਂ ਨੁਕਸਾਨ ਦੀ ਪੂਰੀ ਭਰਪਾਈ ਕੀਤੀ ਜਾਵੇਗੀ ਅਤੇ ਭਵਿੱਖ ਵਿੱਚ ਅਜਿਹੀਆਂ ਆਫ਼ਤਾਂ ਤੋਂ ਬਚਾਅ ਲਈ ਵੀ ਕੰਮ ਕੀਤਾ ਜਾਵੇਗਾ। ਇਸ ਸਮੇਂ ਉਨਾਂ ਦੇ ਨਾਲ ਚੇਅਰਮੈਨ ਰਜਿੰਦਰ ਸਿੰਘ ਉਸਮਾ, ਚੇਅਰਮੈਨ ਕੁਲਦੀਪ ਸਿੰਘ ਮੰਡੀ ਬੋਰਡ ਤਰਨ ਤਾਰਨ, ਚੇਅਰਮੈਨ ਗੁਰਦੇਵ ਸਿੰਘ ਲਾਖਣਾ, ਰੁਪਿੰਦਰ ਕੌਰ ਸੰਧੂ, ਚੇਅਰਮੈਨ ਬਰਿੰਦਰ ਕੁਮਾਰ ਜੀ, ਚੇਅਰਮੈਨ ਹਰਜੀਤ ਸਿੰਘ ਸੰਧੂ, ਚੇਅਰਮੈਨ ਅਮਿੰਦਰ ਸਿੰਘ ਐਮੀ, ਰਜਿੰਦਰ ਸਿੰਘ ਪੰਨੂ ਰੂੜੇ ਆਸਲ ਅਤੇ ਹਲਕਾ ਤਰਨ ਤਾਰਨ ਦੀ ਆਮ ਆਦਮੀ ਪਾਰਟੀ ਦੀ ਸਾਰੀ ਟੀਮ ਉਸ ਸਮੇਂ ਹਾਜ਼ਰ ਸੀ।

## ਜਰੂਰੀ ਸੂਚਨਾ

**ਲੇਖ ਅਤੇ ਕਵਿਤਾਵਾਂ ਵਿਚਲੇ ਵਿਚਾਰ ਲੇਖਕ ਜਾਂ ਕਵੀ ਦੇ ਨਿੱਜੀ ਵਿਚਾਰ ਹਨ ਜਿਸ ਨਾਲ ਅਦਾਰਾ ਫਤਿਹ ਟਾਈਮਜ਼ ਦੇ ਸੰਪਾਦਕ ਦਾ ਸਹਿਮਤ ਹੋਣਾ ਜਰੂਰੀ ਨਹੀਂ।**

# ਥਲਸੈਮੀਆ ਦੀ ਬਿਮਾਰੀ




ਫਤਿਹ ਟਾਈਮਜ਼

**(ਲਵੀਵਾਰ ਲੇਖ ਕਿਸ਼ਤ 1)**

ਥਲਸੈਮੀਆ ਇੱਕ ਵਿਰਾਸਤੀ ਖ਼ੂਨ ਦੀ ਬਿਮਾਰੀਆਂ ਦਾ ਸਮੂਹ ਹੈ ਜੋ ਹਿਮੋਗਲੋਬਿਨ ਦੇ ਖਰਾਬ ਉਤਪਾਦਨ ਨਾਲ ਵਿਸ਼ੇਸ਼ਤ ਕੀਤਾ ਜਾਂਦਾ ਹੈ, ਜੋ ਲਾਲ ਖ਼ੂਨ ਦੇ ਕੋਸ਼ਿਕਾਵਾਂ ਵਿੱਚ ਪ੍ਰਮੁੱਖ ਆਕਸੀਜਨ ਲੈ ਕੇ ਜਾਣ ਵਾਲਾ ਪ੍ਰੋਟੀਨ ਹੈ। ਉਪਰੋਕਤ ਹਾਲਤ ਇੱਕ ਲੰਬੇ ਸਮੇਂ ਤੱਕ ਅਨੀਮੀਆ ਦਾ ਕਾਰਨ ਬਣਦੀ ਹੈ ਜਿਸ ਨਾਲ ਤੱਤਾਂ ਨੂੰ ਆਕਸੀਜਨ ਦੀ ਘੱਟ ਸਪਲਾਈ ਦੇਣ ਦੇ ਤੌਰ 'ਤੇ ਪਰਿਭਾਸ਼ਿਤ ਕੀਤਾ ਜਾ ਸਕਦਾ ਹੈ ਅਤੇ ਵੱਖ-ਵੱਖ ਸਰੀਰਕ ਜਟਿਲਤਾਵਾਂ ਇਸ ਦੇ ਮੁੱਖ ਲੱਛਣ ਹਨ। ਇਹ ਦੁਨੀਆ ਵਿੱਚ ਇੱਕ ਪ੍ਰਮੁੱਖ ਸਿਹਤ ਦੀ ਸਮੱਸਿਆ ਬਣ ਰਹੀ ਹੈ।

ਥਲਸੈਮੀਆ ਦੇ ਕਾਰਨ: ਥਲਸੈਮੀਆ ਉਹਨਾਂ ਕਾਰਨਾਂ ਕਰਕੇ ਹੁੰਦੀ ਹੈ ਜੋ ਹਿਮੋਗਲੋਬਿਨ ਦੇ ਉਤਪਾਦਨ ਨੂੰ ਪ੍ਰਭਾਵਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇੱਕ ਬੱਚਾ ਸਿਰਫ਼ ਉਸ ਸਮੇਂ ਹੀ ਥਲਸੈਮੀਆ ਨਾਲ ਜਨਮ ਲੈ ਸਕਦਾ ਹੈ ਜਦੋਂ ਉਹ ਦੋਹਾਂ ਮਾਪਿਆਂ ਤੋਂ ਇਹ ਰੋਗ ਵਿਰਾਸਤ ਵਿੱਚ ਪ੍ਰਾਪਤ ਕਰਦਾ ਹੈ। ਉਦਾਹਰਨ ਵਜੋਂ, ਜੇ ਦੋਹਾਂ ਮਾਪਿਆਂ ਕੋਲ ਬੀਟਾ ਥਲਸੈਮੀਆ ਮੇਜਰ ਦਾ ਗਲਤ ਜੀਨ ਹੈ, ਤਾਂ ਬੱਚੇ ਦੇ ਜਨਮ ਲੈਣ ਵੇਲੇ ਬੀਮਾਰੀ ਦੀ ਦਰਦਾ 1 ਵਿੱਚੋਂ 4 ਮੌਕਾ ਹੁੰਦਾ ਹੈ। ਥਲਸੈਮੀਆ ਵਾਲੇ ਬੱਚੇ ਦੇ ਮਾਪੇ ਆਮ ਤੌਰ 'ਤੇ ਕੇਰੀਅਰ ਹੁੰਦੇ ਹਨ। ਇਸਦਾ ਅਰਥ ਹੈ ਕਿ ਉਹ ਸਿਰਫ਼ ਇੱਕ ਗਲਤ ਜੀਨ ਰੱਖਦੇ ਹਨ।

ਥਲਸੈਮੀਆ ਦਾ ਵਰਗੀਕਰਨ: 1. ਥਲਸੈਮੀਆ ਮਾਈਨਰ (ਟ੍ਰੇਟ): ਇਹ ਇੱਕ ਕੇਰੀਅਰ ਸਥਿਤੀ ਹੁੰਦੀ ਹੈ ਜੋ ਆਮ ਤੌਰ 'ਤੇ ਅਸੰਕਟਮਈ ਹੁੰਦੀ ਹੈ ਅਤੇ ਹਲਕੀ ਮਾਈਕ੍ਰੋਸਾਈਟਿਕ ਅਨੀਮੀਆ ਨਾਲ ਹੁੰਦੀ ਹੈ।

2. ਥਲਸੈਮੀਆ ਇੰਟਰਮੀਡੀਆ: ਇਹ ਮੱਧ ਦਰਜੇ ਦੀ ਅਨੀਮੀਆ ਹੁੰਦੀ ਹੈ ਜਿਸ ਨੂੰ ਕਦੇ-ਕਦੇ ਰਕਤ ਪ੍ਰਦਾਨ ਕਰਨ ਦੀ ਲੋੜ ਹੁੰਦੀ ਹੈ ਅਤੇ ਵੱਖ-ਵੱਖ ਸਰੀਰਕ ਜਟਿਲਤਾਵਾਂ ਦਾ ਪ੍ਰਗਟਾਵਾਂ ਕਰਦੀ ਹੈ।

3. ਥਲਸੈਮੀਆ ਪ੍ਰਮੁੱਖ (ਕੂਲੀ ਅਨੀਮੀਆ): ਇਹ ਗੰਭੀਰ ਅਨੀਮੀਆ ਦੀ ਬੀਮਾਰੀ ਹੁੰਦੀ ਹੈ ਜੋ ਛੋਟੀ ਉਮਰ ਵਿੱਚ ਦਿਖਾਈ ਦਿੰਦੀ ਹੈ ਅਤੇ ਇਸ ਨੂੰ ਜੀਵਨ ਭਰ ਰਕਤ ਪ੍ਰਦਾਨ ਕਰਨ ਅਤੇ **(ਚਲਦਾ)**


ਲੇਖਕ:
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ।

# ਹੜਾਂ ਦੀ ਮਾਰ ਤੋਂ ਮੁੜ ਕਦੋਂ ਸੁਰਜੀਤ ਹੋਵੇਗਾ ਅੱਜ ਦਾ ਪੰਜਾਬ?

ਫਤਿਹ ਟਾਈਮਜ਼




ਪੰਜਾਬ, ਜਿਸ ਨੂੰ 'ਪੰਜਾਂ ਪਾਣੀਆਂ ਦੀ ਧਰਤੀ' ਕਿਹਾ ਜਾਂਦਾ ਹੈ, ਹਾਲ ਹੀ ਦੇ ਸਾਲਾਂ ਵਿੱਚ ਹੜਾਂ ਦੀ ਭਿਆਨਕ ਮਾਰ ਝੱਲ ਰਿਹਾ ਹੈ। ਇੱਕ ਸਮਾਂ ਸੀ ਜਦੋਂ ਪੰਜਾਬ ਦੀਆਂ ਨਦੀਆਂ ਇੱਥੋਂ ਦੀ ਖੁਸ਼ਹਾਲੀ ਅਤੇ ਖੇਤੀਬਾੜੀ ਦਾ ਪ੍ਰਤੀਕ ਸਨ, ਪਰ ਹੁਣ ਇਹੋ ਨਦੀਆਂ ਹੜਾਂ ਦਾ ਕਾਰਨ ਬਣ ਕੇ ਤਬਾਹੀ ਦਾ ਸਬੱਬ ਬਣ ਰਹੀਆਂ ਹਨ। ਇਸ ਸਾਲ ਵੀ ਭਾਰੀ ਬਾਰਿਸ਼ ਅਤੇ ਦਰਿਆਵਾਂ ਵਿੱਚ ਪਾਣੀ ਦੇ ਵਧੇ ਪੱਧਰ ਨੇ ਪੰਜਾਬ ਦੇ ਕਈ ਇਲਾਕਿਆਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ, ਜਿਸ ਨਾਲ ਵੱਡੇ ਪੱਧਰ 'ਤੇ ਜਾਨੀ ਤੇ ਮਾਲੀ ਨੁਕਸਾਨ ਹੋਇਆ। ਇਸ ਨੁਕਸਾਨ ਤੋਂ ਬਾਅਦ ਸਭ ਤੋਂ ਵੱਡਾ ਸਵਾਲ ਇਹ ਉੱਠਦਾ ਹੈ ਕਿ ਕੀ ਪੰਜਾਬ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਹੋ ਸਕੇਗਾ ਅਤੇ ਜੇਕਰ ਹਾਂ, ਤਾਂ ਕਦੋਂ?

ਇਸ ਸਵਾਲ ਦਾ ਜਵਾਬ ਸਿਰਫ਼ ਇੱਕ ਸਰਕਾਰੀ ਜਾਂ ਪ੍ਰਸ਼ਾਸਨਿਕ ਕਾਰਵਾਈ 'ਤੇ ਨਿਰਭਰ ਨਹੀਂ ਕਰਦਾ, ਸਗੋਂ ਇਸ ਲਈ ਸਮੂਹਿਕ ਯਤਨਾਂ ਦੀ ਲੋੜ ਹੈ। ਹੜਾਂ ਤੋਂ ਹੋਏ ਨੁਕਸਾਨ ਦੀ ਭਰਪਾਈ ਕਰਨਾ ਇੱਕ ਲੰਬੀ ਅਤੇ ਚੁਣੌਤੀ ਭਰਪੂਰ ਪ੍ਰਕਿਰਿਆ ਹੈ। ਇਸ ਵਿੱਚ ਤੁਰੰਤ ਰਾਹਤ ਕਾਰਜਾਂ ਤੋਂ ਇਲਾਵਾ, ਲੰਬੀ ਮਿਆਦ ਦੀਆਂ ਯੋਜਨਾਵਾਂ ਸ਼ਾਮਲ ਹਨ। ਤੁਰੰਤ ਰਾਹਤ ਕਾਰਜਾਂ ਤਹਿਤ ਬੇਘਰ ਹੋਏ ਲੋਕਾਂ ਲਈ ਰਹਿਣ ਦਾ ਪ੍ਰਬੰਧ, ਖਾਣ-ਪੀਣ ਦੀਆਂ ਵਸਤਾਂ ਦੀ ਸਪਲਾਈ ਅਤੇ ਬੀਮਾਰੀਆਂ ਤੋਂ ਬਚਾਅ ਲਈ ਸਿਹਤ ਸੇਵਾਵਾਂ ਮੁਹੱਈਆ ਕਰਵਾਉਣੀਆਂ ਜ਼ਰੂਰੀ ਹਨ। ਪਰ, ਅਸਲ ਚੁਣੌਤੀ ਇਸ ਤੋਂ ਬਾਅਦ ਸ਼ੁਰੂ ਹੁੰਦੀ ਹੈ।

ਪੰਜਾਬ ਦੇ ਮੁੜ ਸੁਰਜੀਤ ਹੋਣ ਲਈ ਕਈ ਪੱਧਰਾਂ 'ਤੇ ਕੰਮ ਕਰਨ ਦੀ ਲੋੜ ਹੈ। ਸਭ ਤੋਂ ਪਹਿਲਾਂ, ਸਥਾਈ ਹੱਲ ਲੱਭਣੇ ਜ਼ਰੂਰੀ ਹਨ। ਨਦੀਆਂ ਦੇ ਬੰਨ੍ਹ ਮਜ਼ਬੂਤ ਕਰਨਾ, ਡਰੇਨੇਜ ਸਿਸਟਮ ਨੂੰ ਸੁਧਾਰਨਾ ਅਤੇ ਕੁਦਰਤੀ ਜਲ ਸਰੋਤਾਂ ਨੂੰ ਬਹਾਲ ਕਰਨਾ ਇਸ ਦੀਆਂ ਮੁੱਖ ਉਦਾਹਰਣਾਂ ਹਨ। ਇਸ ਤੋਂ ਇਲਾਵਾ, ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਨੂੰ ਅਜਿਹੀਆਂ ਨੀਤੀਆਂ ਬਣਾਉਣੀਆਂ ਚਾਹੀਦੀਆਂ ਹਨ ਜੋ ਸਥਾਨਕ ਭੂਗੋਲਿਕ ਸਥਿਤੀਆਂ ਦੇ ਅਨੁਕੂਲ ਹੋਣ।

ਦੂਸਰਾ, ਕਿਸਾਨੀ ਨੂੰ ਮੁੜ ਖੜ੍ਹਾ ਕਰਨਾ ਪੰਜਾਬ ਦੀ ਖੁਸ਼ਹਾਲੀ ਲਈ ਬੇਹੱਦ ਜ਼ਰੂਰੀ ਹੈ। ਹੜਾਂ ਕਾਰਨ ਫ਼ਸਲਾਂ ਦਾ ਵੱਡਾ ਨੁਕਸਾਨ ਹੋਇਆ ਹੈ। ਸਰਕਾਰ ਨੂੰ ਪ੍ਰਭਾਵਿਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੇ ਨਾਲ-ਨਾਲ, ਅਗਲੀ ਫ਼ਸਲ ਲਈ ਬੀਜ ਅਤੇ ਖਾਦਾਂ ਮੁਹੱਈਆ ਕਰਵਾਉਣ ਵਿੱਚ ਮਦਦ ਕਰਨੀ ਚਾਹੀਦੀ ਹੈ। ਇਸ ਤੋਂ ਇਲਾਵਾ, ਭਵਿੱਖ ਵਿੱਚ ਅਜਿਹੇ ਨੁਕਸਾਨ ਨੂੰ ਘਟਾਉਣ ਲਈ ਖੇਤੀ ਦੀਆਂ ਅਜਿਹੀਆਂ ਤਕਨੀਕਾਂ ਅਪਣਾਉਣੀਆਂ ਚਾਹੀਦੀਆਂ ਹਨ ਜੋ ਹੜਾਂ ਪ੍ਰਤੀ ਵਧੇਰੇ ਸਹਿਣਸ਼ੀਲ ਹੋਣ।

ਅੰਤ ਵਿੱਚ, ਸਭ ਤੋਂ ਮਹੱਤਵਪੂਰਨ ਕੰਮ ਸਮਾਜਿਕ ਅਤੇ ਮਨੋਵਿਗਿਆਨਕ ਪੁਨਰਵਾਸ ਹੈ। ਲੋਕਾਂ ਨੇ ਨਾ ਸਿਰਫ਼ ਆਪਣੀਆਂ ਜਾਇਦਾਦਾਂ ਗੁਆਈਆਂ ਹਨ, ਸਗੋਂ ਉਨ੍ਹਾਂ ਦੇ ਮਨਾਂ ਵਿੱਚ ਡਰ ਅਤੇ ਅਸੁਰੱਖਿਆ ਦੀ ਭਾਵਨਾ ਵੀ ਪੈਦਾ ਹੋਈ ਹੈ। ਸਰਕਾਰੀ ਏਜੰਸੀਆਂ, ਸਮਾਜ ਸੇਵੀ ਸੰਸਥਾਵਾਂ ਅਤੇ ਸਥਾਨਕ ਭਾਈਚਾਰਿਆਂ ਨੂੰ ਮਿਲ ਕੇ ਕੰਮ ਕਰਨਾ ਹੋਵੇਗਾ ਤਾਂ ਜੋ ਲੋਕਾਂ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਹੋਣ ਲਈ ਹੌਸਲਾ ਮਿਲ ਸਕੇ। ਪੰਜਾਬ ਦੀ ਮੁੜ ਸੁਰਜੀਤੀ ਕੋਈ ਛੋਟੀ ਪ੍ਰਕਿਰਿਆ ਨਹੀਂ ਹੈ, ਪਰ ਇਸ ਵਿੱਚ ਸਾਰੇ ਪੰਜਾਬੀਆਂ ਦਾ ਯੋਗਦਾਨ ਬਹੁਤ ਅਹਿਮ ਹੈ। ਇਹ ਸਹਿਯੋਗ, ਦ੍ਰਿੜਤਾ ਅਤੇ ਯੋਜਨਾਬੱਧ ਕਾਰਵਾਈਆਂ ਨਾਲ ਹੀ ਸੰਭਵ ਹੋਵੇਗਾ। ਤਾਂ ਹੀ ਪੰਜਾਬ ਫਿਰ ਤੋਂ ਆਪਣੀ ਸ਼ਾਨ ਬਹਾਲ ਕਰ ਸਕੇਗਾ।


ਲੇਖਕ:
ਸ਼ਰਨਜੀਤ ਕੌਰ
(ਅਧਿਆਪਕਾ)
ਸਰਕਾਰੀ ਐਲੀਮੈਂਟਰੀ ਸਕੂਲ,
ਝੰਡੇਰ, ਤਰਨ ਤਾਰਨ

FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜ਼ਰੂਰ ਸਬਸਕ੍ਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਮੋ; 99885-37575

# ਸ੍ਰੀ ਨਵਜੋਤ ਸਿੰਘ ਧਾਲੀਵਾਲ ਦਾ ਜ਼ਿਲ੍ਹਾ ਸਪੋਰਟਸ ਅਫਸਰ ਬਣਨ ਤੇ ਸਵਾਗਤ



ਫਤਿਹ ਟਾਈਮਜ਼ ਪਟਿਆਲਾ, 31 ਅਗਸਤ (ਪ ਪ) ਸ੍ਰੀ ਨਵਜੋਤ ਸਿੰਘ ਧਾਲੀਵਾਲ ਜੀ ਨੇ ਪਟਿਆਲਾ ਦੇ ਜ਼ਿਲ੍ਹਾ ਸਪੋਰਟਸ ਅਫਸਰ ਵਜੋਂ ਅਹੁਦਾ ਸੰਭਾਲਿਆ। ਇਸ ਮੌਕੇ ਪਟਿਆਲਾ ਜ਼ਿਲ੍ਹੇ ਦੇ ਸਰੀਰਿਕ ਸਿੱਖਿਆ ਅਧਿਆਪਕਾਂ ਵੱਲੋਂ ਸ੍ਰੀ ਨਵਜੋਤ ਸਿੰਘ ਧਾਲੀਵਾਲ ਦਾ ਪਟਿਆਲਾ ਦੇ ਜ਼ਿਲ੍ਹਾ ਸਪੋਰਟਸ ਅਫਸਰ ਬਣਨ ਤੇ ਨਿੱਘਾ ਸਵਾਗਤ ਕੀਤਾ ਗਿਆ। ਸ੍ਰੀਮਤੀ ਮਮਤਾ ਰਾਣੀ ਜੀ (ਪੀ.ਟੀ.ਆਈ., ਸਰਕਾਰੀ ਮਿਡਲ ਸਕੂਲ ਖੇੜੀ ਗੁੱਜਰਾਂ, ਪਟਿਆਲਾ) ਨੇ ਕਿਹਾ ਕਿ ਸ੍ਰੀ ਨਵਜੋਤ ਸਿੰਘ ਧਾਲੀਵਾਲ ਜੀ ਦੇ ਜ਼ਿਲ੍ਹਾ ਸਪੋਰਟਸ ਅਫਸਰ ਬਣਨ ਨਾਲ ਪਟਿਆਲੇ ਜ਼ਿਲ੍ਹਾ ਵਿੱਚ ਖੇਡਾਂ ਦਾ ਪੱਧਰ ਹੋਰ ਵੀ ਉੱਚਾ ਹੋਵੇਗਾ। ਇਸ ਮੌਕੇ ਤੇ ਸ੍ਰੀ ਹਰੀਸ਼ ਸਿੰਘ ਰਾਵਤ, ਸ੍ਰੀ ਸ਼ਸ਼ੀ ਮਾਨ, ਸ੍ਰੀ ਮਨਪ੍ਰੀਤ ਸਿੰਘ, ਸ੍ਰੀਮਤੀ ਹਰਦੀਪ ਕੌਰ, ਸ੍ਰੀ ਗੁਰਪ੍ਰੀਤ ਸਿੰਘ, ਸ੍ਰੀ ਮੋਂਟੀ ਅਤੇ ਹੋਰ ਮੌਜੂਦ ਸਨ।

# ਹੜ੍ਹ ਪੀੜਤਾਂ ਦੀ ਸਹਾਇਤਾ ਲਈ ਹਰ ਇਨਸਾਨ ਅੱਗੇ ਆਵੇ: ਬੱਲ ਮਲਕੀਤ ਸਿੰਘ



ਫਤਿਹ ਟਾਈਮਜ਼ ਅੰਮ੍ਰਿਤਸਰ, 31 ਅਗਸਤ (ਪ ਪ) ਮਨੁੱਖਤਾ ਦੀ ਸੇਵਾ ਸੱਭ ਤੋਂ ਉੱਤਮ ਸੇਵਾ ਹਰ ਇਨਸਾਨ ਨੂੰ ਹੜ੍ਹ ਪੀੜ੍ਹਤ ਪਰਿਵਾਰਾਂ ਦੀ ਸਹਾਇਤਾ ਲਈ ਖੁੱਲ੍ਹੇ ਮਨ ਨਾਲ ਅੱਗੇ ਆਉਣਾ ਚਾਹੀਦਾ ਹੈ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਦੇ ਚੇਅਰਮੈਨ ਬੱਲ ਮਲਕੀਤ ਸਿੰਘ ਨੇ ਪੱਤਰਕਾਰਾ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਨ੍ਹਾਂ ਕਿਹਾ ਕਿ ਹੜ੍ਹ ਕਾਰਨ ਕਈ ਇਲਾਕਿਆਂ ਵਿੱਚ ਲੋਕ ਬਹੁਤ ਮੁਸ਼ਕਲ ਹਾਲਾਤਾਂ ਦਾ ਸਾਹਮਣਾ ਕਰ ਰਹੇ ਹਨ। ਘਰ ਤਬਾਹ ਹੋ ਚੁੱਕੇ ਹਨ ਅਤੇ ਕਈ ਪਰਿਵਾਰ ਬੁਨਿਆਦੀ ਚੀਜ਼ਾਂ ਤੋਂ ਵੀ ਵਾਂਝੇ ਹੋ ਗਏ ਹਨ ਬੱਲ ਮਲਕੀਤ ਸਿੰਘ ਨੇ ਕਿਹਾ ਕਿ ਇਸ ਸਮੇਂ ਸਭ ਤੋਂ ਵੱਧ ਲੋੜ ਰਾਸ਼ਨ ਸਮੱਗਰੀ ਦੀ ਹੈ। ਲੋਕਾਂ ਨੂੰ ਘਿਉ, ਖੰਡ, ਚਾਹਪੱਤੀ, ਚਾਵਲ, ਆਟਾ, ਦਾਲਾਂ ਅਤੇ ਹੋਰ ਬੁਨਿਆਦੀ ਵਸਤਾਂ ਦੀ ਤੁਰੰਤ ਜ਼ਰੂਰਤ ਹੈ। ਉਨ੍ਹਾਂ ਹਰੇਕ ਇਨਸਾਨ ਨੂੰ ਅਪੀਲ ਕੀਤੀ ਕਿ ਇਹ ਸਮੱਗਰੀ ਜਲਦ ਤੋਂ ਜਲਦ ਜ਼ਰੂਰਤਮੰਦ ਪਰਿਵਾਰਾਂ ਤੱਕ ਸਮੇਂ 'ਤੇ ਪਹੁੰਚਾਈ ਜਾਵੇ ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸਿੱਖਿਆ ਅਨੁਸਾਰ ਮਨੁੱਖਤਾ ਦੀ ਸੇਵਾ ਕਰਨਾ ਸਭ ਤੋਂ ਵੱਡੀ ਸੇਵਾ ਹੈ। ਇਸ ਲਈ ਹਰ ਇਨਸਾਨ ਦਾ ਫਰਜ਼ ਬਣਦਾ ਹੈ ਕਿ ਉਹ ਇਸ ਮਨੁੱਖੀ ਸੇਵਾ ਵਿੱਚ ਆਪਣਾ ਯੋਗਦਾਨ ਪਾਏ ਉਨ੍ਹਾਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਹੜ੍ਹ ਨਾਲ ਪ੍ਰਭਾਵਿਤ ਪਰਿਵਾਰਾਂ ਨੂੰ ਨਵੀਂ ਉਮੀਦ ਅਤੇ ਹੌਸਲਾ ਦਿੱਤਾ ਜਾ ਸਕਦਾ ਹੈ ਹਰ ਕੋਈ ਇਨਸਾਨ ਖੁੱਲ੍ਹੇ ਦਿਲ ਨਾਲ ਮਦਦ ਲਈ ਅੱਗੇ ਆਵੇ ਤਾਂ ਇਹ ਹੜ੍ਹ ਪੀੜਤਾਂ ਲਈ ਵੱਡੀ ਰਾਹਤ ਸਾਬਤ ਹੋਵੇਗੀ।

Hotel
EURO
PALACE
&
Restorent
Mandi road
Rewalsar
Wi fi & Rooms
Available
Mob:9817679963

ਅਦਾਰਾ ਫਤਿਹ ਟਾਈਮਜ਼ ਦੀ ਚੌਥੀ ਵਰ੍ਹੇਗੰਢ ਮੌਕੇ ਵਿਸ਼ੇਸ਼ ਸਪਲੀਮੈਂਟ

ਅਦਾਰਾ ਫਤਿਹ ਟਾਈਮਜ਼ ਦੀ ਚੌਥੀ ਵਰ੍ਹੇਗੰਢ ਮੌਕੇ ਵਿਸ਼ੇਸ਼ ਸਪਲੀਮੈਂਟ ਦੇ ਇਸ਼ਤਿਹਾਰ ਪ੍ਰਕਾਸ਼ਿਤ ਕੀਤੇ ਜਾ ਰਹੇ ਹਨ ਇਸ਼ਤਿਹਾਰ ਦੇਣ ਲਈ ਹੇਠ ਦਿੱਤੇ ਨੰਬਰ ਤੇ ਸੰਪਰਕ ਕਰੋ।
ਮੋ:99885-37575

# ਕੈਨਰਾ ਬੈਂਕ ਵੱਲੋਂ ਦੋ ਦਿਨਾਂ ਦਾ ਮੇਗਾ ਵਿੱਤੀ ਜਾਗਰੂਕਤਾ ਕੈਂਪ ਆਯੋਜਿਤ



ਫਤਿਹ ਟਾਈਮਜ਼ ਅੰਮ੍ਰਿਤਸਰ 31 ਅਗਸਤ (ਪ ਪ)ਕੈਨਰਾ ਬੈਂਕ ਨੇ ਜਲੰਧਰ ਅਤੇ ਲੁਧਿਆਣਾ ਖੇਤਰੀ ਆਫਿਸ ਦੀ ਅਗਵਾਈ ਹੇਠ ਦੋ ਦਿਨਾਂ ਦੇ ਵਿੱਤੀ ਜਾਗਰੂਕਤਾ ਕੈਂਪਾਂ ਦਾ ਸਫਲ ਆਯੋਜਨ ਕੀਤਾ। ਇਸ ਮੁਹਿੰਮ ਦਾ ਮਕਸਦ ਪਿੰਡਾਂ ਵਿੱਚ ਵਿੱਤੀ ਸਾਖਰਤਾ ਨੂੰ ਵਧਾਉਣਾ ਅਤੇ ਗਾਹਕਾਂ ਨਾਲ ਜੋੜ ਮਜ਼ਬੂਤ ਕਰਨਾ ਸੀ।ਜਲੰਧਰ ਖੇਤਰੀ ਦਫ਼ਤਰ ਵੱਲੋਂ ਪਿੰਡ ਡੱਗਹਮ (ਗੜ੍ਹਸ਼ੰਕਰ ਸ਼ਾਖਾ) ਅਤੇ ਪਿੰਡ ਸੰਗ੍ਹੇ ਖਾਲਸਾ (ਉੱਪਲ ਖਾਲਸਾ ਸ਼ਾਖਾ) ਵਿੱਚ ਕੈਂਪ ਲਗਾਏ ਗਏ। ਦੂਜੇ ਦਿਨ ਲੁਧਿਆਣਾ ਖੇਤਰੀ ਆਫਿਸ ਨੇ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪਿੰਡ ਸਲਾਨਾ ਅਤੇ ਪਿੰਡ ਕੋਟਲਾ ਬਜਵਾੜਾ ਵਿੱਚ ਮੇਗਾ ਕੈਂਪਾਂ ਦਾ ਆਯੋਜਨ ਕੀਤਾ।ਇਨ੍ਹਾਂ ਕੈਂਪਾਂ ਵਿੱਚ ਆਰ.ਪੀ. ਜੈਸਵਾਲ (ਮਹਾਪ੍ਰਬੰਧਕ, ਮੁੱਖ ਆਫਿਸ ਬੈਂਗਲੁਰੂ), ਮਨੋਜ ਕੁਮਾਰ ਦਾਸ (ਮਹਾਂਪ੍ਰਬੰਧਕ), ਵੇਦ ਪ੍ਰਕਾਸ਼ (ਉਪ ਮਹਾਂਪ੍ਰਬੰਧਕ, ਸਰਕਲ ਆਫਿਸ ਚੰਡੀਗੜ੍ਹ), ਵਿਸ਼ਵਜੀਤ ਸਿੰਘ ਰਘੁਵੰਸ਼ੀ (ਖੇਤਰੀ ਮੁਖੀ, ਜਲੰਧਰ), ਐਮ.ਐਸ. ਮੋਤੀ (ਲੀਡ ਜ਼ਿਲ੍ਹਾ ਪ੍ਰਬੰਧਕ, ਜਲੰਧਰ), ਆਰ.ਸੀ. ਮੀਨਾ (ਖੇਤਰੀ ਮੁਖੀ, ਲੁਧਿਆਣਾ) ਅਤੇ ਸੁਮਨ ਸਾਹੋਤਾ (ਲੀਡ ਬੈਂਕ ਮੈਨੇਜਰ, ਫਤਿਹਗੜ੍ਹ ਸਾਹਿਬ) ਸ਼ਾਮਿਲ ਹੋਏ। ਇਸ ਦੇ ਨਾਲ ਵਿਧਾਇਕ ਕਿਸ਼ਨ ਰੌੜੀ, ਸਰਪੰਚ ਬਲਜੀਤ ਕੌਰ, ਪੰਚਾਇਤ ਮੈਂਬਰਾਂ ਅਤੇ ਹੋਰ ਸਥਾਨਕ ਪ੍ਰਤਿਨਿਧੀਆਂ ਨੇ ਵੀ ਹਾਜ਼ਰੀ ਭਰੀ।ਮੌਕੇ ‘ਤੇ ਆਰ.ਪੀ. ਜੈਸਵਾਲ ਨੇ ਪ੍ਰਧਾਨ ਮੰਤਰੀ ਜਨ-ਧਨ ਯੋਜਨਾ, ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ, ਪ੍ਰਧਾਨ ਮੰਤਰੀ ਜੀਵਨ ਜਜੋਤੀ ਬੀਮਾ ਯੋਜਨਾ, ਅਟਲ ਪੈਨਸ਼ਨ ਯੋਜਨਾ ਅਤੇ ਸੁਕਨਿਆ ਸਮ੍ਰਿੱਧੀ ਯੋਜਨਾ ਬਾਰੇ ਜਾਣਕਾਰੀ ਦਿੱਤੀ ਅਤੇ ਲੋਕਾਂ ਨੂੰ ਇਨ੍ਹਾਂ ਯੋਜਨਾਵਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕੈਨਰਾ ਐਂਜਲ ਅਤੇ ਕੈਨਰਾ ਅਸਪਾਇਰ ਵਰਗੀਆਂ ਬੈਂਕ ਸਕੀਮਾਂ ਬਾਰੇ ਵੀ ਜਾਣੂ ਕਰਵਾਇਆ।ਮਨੋਜ ਕੁਮਾਰ ਦਾਸ ਨੇ ਬਚਤ ਖਾਤਿਆਂ ਦੀ ਰੀ-ਕੇਵਾਈਸੀ/ਸੀਕੇਵਾਈਸੀ ਦੀ ਮਹੱਤਾ ਉੱਤੇ ਰੋਸ਼ਨੀ ਪਾਈ ਅਤੇ ਕਿਹਾ ਕਿ ਇਸ ਨਾਲ ਗਾਹਕਾਂ ਨੂੰ ਨਿਰਬਾਧ ਬੈਂਕਿੰਗ ਸੇਵਾਵਾਂ ਪ੍ਰਾਪਤ ਹੋਣਗੀਆਂ। ਉਨ੍ਹਾਂ ਨੇ ਪੀਐਮਜੇਜੇਬੀਵਾਈ ਅਤੇ ਪੀਐਮਐਸਬੀਵਾਈ ਯੋਜਨਾਵਾਂ ਹੇਠ ਕੈਨਰਾ ਬੈਂਕ ਦੁਆਰਾ ਕੀਤੇ ਜਾ ਰਹੇ ਦਾਅਵਿਆਂ ਦੇ ਨਿਪਟਾਰੇ ਅਤੇ ਸਰਗਰਮ ਭੂਮਿਕਾ 'ਤੇ ਵੀ ਜ਼ੋਰ ਦਿੱਤਾ।ਡਗਹਮ ਕੈਂਪ ਵਿੱਚ ਗੜ੍ਹਸ਼ੰਕਰ, ਮਹਿਲਪੁਰ ਅਤੇ ਕੋਟ ਫਤੂਹੀ ਸ਼ਾਖਾਵਾਂ ਨੇ 35 ਪੀਐਮਜੀਡੀਵਾਈ, 50 ਪੀਐਮਐਸਬੀਵਾਈ, 12 ਪੀਐਮਜੇਜੇਬੀਵਾਈ ਅਤੇ 7 ਏਪੀਵਾਈ ਅਰਜ਼ੀਆਂ ਪ੍ਰਾਪਤ ਕੀਤੀਆਂ।

ਇਸੇ ਤਰ੍ਹਾਂ, ਸੰਗੇ ਖਾਲਸਾ ਕੈਂਪ ਵਿੱਚ ਉੱਪਲ ਖਾਲਸਾ, ਨੂਰਮਹਿਲ ਅਤੇ ਕੋਟ ਬਦਲ ਖਾਨ ਸ਼ਾਖਾਵਾਂ ਵੱਲੋਂ 60 ਪੀਐਮਜੀਡੀਵਾਈ, 160 ਪੀਐਮਐਸਬੀਵਾਈ, 25 ਪੀਐਮਜੇਜੇਬੀਵਾਈ ਅਤੇ 10 ਏਪੀਵਾਈ ਅਰਜ਼ੀਆਂ ਪ੍ਰਾਪਤ ਹੋਈਆਂ।ਲੁਧਿਆਣਾ ਕੈਂਪਾਂ ਵਿੱਚ ਨੇੜਲੇ ਪਿੰਡਾਂ ਤੋਂ 200 ਤੋਂ ਵੱਧ ਗਾਹਕ ਸ਼ਾਮਲ ਹੋਏ। ਇਸ ਦੌਰਾਨ 100 ਤੋਂ ਵੱਧ ਪੀਐਮਐਸਬੀਵਾਈ, 55 ਪੀਐਮਜੇਜੇਬੀਵਾਈ ਅਤੇ 45 ਏਪੀਵਾਈ ਨਾਮੰਕਨ ਕੀਤੇ ਗਏ, ਜਦਕਿ 12 ਰੀ-ਕੇਵਾਈਸੀ ਅੱਪਡੇਟ ਵੀ ਕੀਤੀਆਂ ਗਈਆਂ।

# ਵਿਧਾਇਕ ਉੱਗੋਕੇ ਨੇ ਦੋ ਪਰਿਵਾਰਾਂ ਨੂੰ ਮੁਆਵਜ਼ਾ ਰਾਸ਼ੀ ਦੇ ਚੈੱਕ ਸੌਂਪੇ



ਫਤਿਹ ਟਾਈਮਜ਼ ਤਪਾ ਮੰਡੀ, 31 ਅਗਸਤ (ਧੀਮਾਨ) ਪਿਛਲੇ ਕਈ ਦਿਨਾਂ ਤੋਂ ਪੈ ਰਹੇ ਭਾਰੀ ਮੀਂਹ ਕਾਰਨ ਵਾਪਰੀਆਂ ਘਟਨਾਵਾਂ ਕਾਰਨ ਤਪਾ ਮੰਡੀ ਦੀ ਵਸਨੀਕ ਇੱਕ ਔਰਤ ਅਤੇ ਇੱਕ ਨਾਬਾਲਗ ਲੜਕੇ ਦੀ ਮੌਤ ਹੋ ਗਈ ਸੀ।ਹਲਕਾ ਵਿਧਾਇਕ ਸ. ਲਾਭ ਸਿੰਘ ਉੱਗੋਕੇ ਵਲੋਂ ਇਸ ਸਬੰਧੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਮੁਆਵਜ਼ਾ ਜਾਰੀ ਕਰਵਾਇਆ ਗਿਆ ਅਤੇ ਅੱਜ ਦੋਵਾਂ ਪਰਿਵਾਰਾਂ ਲਈ ਜਾਰੀ ਮੁਆਵਜ਼ਾ ਰਾਸ਼ੀ ਦੇ ਚੈੱਕ ਮ੍ਰਿਤਕਾਂ ਦੇ ਵਾਰਸਾਂ ਨੂੰ ਘਰ ਜਾ ਕੇ ਸੌਂਪੇ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਇਕ ਸ. ਲਾਭ ਸਿੰਘ ਉੱਗੋਕੇ ਨੇ ਦੱਸਿਆ ਕਿ ਪਹਿਲੀ ਦੁਖਦਾਇਕ ਘਟਨਾ ਵਿੱਚ ਮਜ਼ਦੂਰ ਔਰਤ ਸੋਨੀਆ ਪਤਨੀ ਸੋਨੂੰ ਵਾਸੀ ਪਿਆਰਾ ਲਾਲ ਬਸਤੀ ਵਾਰਡ ਨੰਬਰ 2 ਤਪਾ ਮੰਡੀ ਦੀ ਘਰ ਦੀ ਛੱਤ ਹੇਠਾਂ ਆਉਣ ਕਾਰਨ ਮੌਤ ਹੋ ਗਈ ਸੀ ਅਤੇ ਇਸ ਪਰਿਵਾਰ ਲਈ ਓਨ੍ਹਾਂ ਵੱਲੋਂ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੁਆਵਜ਼ਾ ਰਾਸ਼ੀ ਲਈ ਕੀਤੀ ਗਈ ਬੇਨਤੀ ਨੂੰ ਮਨਜ਼ੂਰ ਕਰਦੇ ਹੋਏ ਡਿਪਟੀ ਕਮਿਸ਼ਨਰ ਦਫ਼ਤਰ ਬਰਨਾਲਾ ਰਾਹੀਂ ਭੇਜੇ ਗਏ ਕੇਸ ਤਹਿਤ ਉਕਤ ਔਰਤ ਨੂੰ 4 ਲੱਖ ਰੁਪਏ ਮੁਆਵਜ਼ਾ ਰਾਸ਼ੀ ਅਤੇ 1 ਲੱਖ ਅੱਸੀ ਹਜ਼ਾਰ ਰੁਪਏ ਮਕਾਨ ਦੀ ਉਸਾਰੀ ਲਈ ਦਿੱਤੇ ਗਏ। ਇਸੇ ਤਰ੍ਹਾਂ ਦੂਜੀ ਘਟਨਾ ਵਿੱਚ ਮੀਂਹ ਕਾਰਨ ਲੋਹੇ ਦੇ ਗੇਟ ਵਿੱਚ ਆਏ ਕਰੰਟ ਕਾਰਨ ਨਾਬਾਲਗ ਲੜਕੇ ਮ੍ਰਿਤਕ ਦੇਵਜੀਤ ਪੁੱਤਰ ਸ਼੍ਰੀਮਤੀ ਬੰਤੀ ਦੇਵੀ ਵਾਸੀ ਪਿਆਰਾ ਲਾਲ ਬਸਤੀ ਵਾਰਡ ਨੰਬਰ 01 ਤਪਾ ਮੰਡੀ ਦੀ ਹੋਈ ਮੌਤ ਦਾ 4 ਲੱਖ ਰੁਪਏ ਮੁਆਵਜ਼ਾ ਉਸਦੇ ਵਾਰਸਾਂ ਨੂੰ ਦਿੱਤਾ ਗਿਆ। ਓਨ੍ਹਾਂ ਦੱਸਿਆ ਕਿ ਦੋਵੇਂ ਪਰਿਵਾਰਾਂ ਨੂੰ ਮਾਨਯੋਗ ਮੁੱਖ ਮੰਤਰੀ ਵੱਲੋਂ ਕੁਦਰਤੀ ਆਫ਼ਤਾਂ ਪ੍ਰਬੰਧਨ ਤਹਿਤ ਐਨ.ਡੀ. ਆਰ. ਐਫ. ਸਕੀਮ ਅਧੀਨ ਮੁਆਵਜ਼ਾ ਰਾਸ਼ੀ ਜਾਰੀ ਕੀਤੀ ਗਈ ਹੈ। ਵਿਧਾਇਕ ਉੱਗੋਕੇ ਨੇ ਦੱਸਿਆ ਕਿ ਭਾਵੇਂ ਕਿ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਉਪਰੋਕਤ ਮੌਤਾਂ ਕਾਰਨ ਪਿਆ ਘਾਟਾ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ ਪਰ ਪੰਜਾਬ ਸਰਕਾਰ ਇਸ ਹੜ੍ਹਾਂ ਦੀ ਕੁਦਰਤੀ ਕਰੋਪੀ ਵਿੱਚ ਸੂਬੇ ਦੇ ਲੋਕਾਂ ਦੀ ਹਰ ਸੰਭਵ ਸਹਾਇਤਾ ਲਈ ਵਚਨਬੱਧ ਹੈ। ਇਸ ਮੌਕੇ ਟਰੱਕ ਯੂਨੀਅਨ ਤਪਾ ਦੇ ਪ੍ਰਧਾਨ ਜਸਵਿੰਦਰ ਸਿੰਘ ਚੱਠਾ, ਗੁਰਤੇਜ ਸਿੰਘ ਦਰਾਜ,ਸਮਾਜ ਸੇਵੀ ਡਾਕਟਰ ਬਾਲ ਚੰਦ ਬਾਸਲ, ਮੁਨੀਸ਼ ਕੁਮਾਰ ਬਾਂਸਲ ,ਰਾਜ ਮਾਰਕੰਡਾ,ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਲੋਕਲ ਆਗੂ ਮੌਜੂਦ ਸਨ।

FT
ਹੱਕ ਸੱਚ ਦੀ ਆਵਾਜ਼
ਫਤਿਹ ਟਾਈਮਜ਼
CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ
ਮੋ; 99885-37575

ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

## CHANNEL

**ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।**

**ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ**

**ਮੋ; 99885-37575**